ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 22 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੬ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੁੱਖ ਮੰਤਰੀ ਦੀ ਫੇਕ ਵੀਡੀਓ ਵਾਇਰਲ ਕਰਨ ਦੇ ਮਾਮਲੇ ਵਿਚ ਵੱਡਾ ਐਕਸ਼ਨ



**ਮੋਹਾਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੀ ਕਥਿਤ ਫੇਕ ਵੀਡੀਓ ਬਣਾ ਕੇ ਸੋਸ਼ਲ ਮੀਡੀਆ ’ਤੇ ਵਾਇਰਲ ਕਰਕੇ ਅਕਸ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਇਸ ਮਾਮਲੇ ਵਿਚ ਸਾਈਬਰ ਸੈਲ ਵੱਲੋਂ ਮਾਮਲਾ ਦਰਜ ਕੀਤਾ ਗਿਆ ਹੈ। ਸਟੇਟ ਸਾਈਬਰ ਸੈਲ ਮੋਹਾਲੀ ਵਿਚ ਵੀਡੀਓ ਪਾਉਣ ਵਾਲੇ ਖ਼ਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਦੋਸ਼ ਹੈ ਕਿ ਏ.ਆਈ. ਟੈਕਨਾਲੋਜੀ ਦੀ ਦੁਰਵਰਤੋਂ ਕਰਦੇ ਹੋਏ ਮੁੱਖ ਮੰਤਰੀ ਦਾ ਅਕਸ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਸਟੇਟ ਸਾਈਬਰ ਸੈਲ ਵੱਲੋਂ ਜਗਮਨ ਸਮਰਾ ਨਾਂ ਦੇ ਇਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਸੂਤਰਾਂ ਮੁਤਾਬਰ ਸਮਰਾ ਇਸ ਸਮੇਂ ਬ੍ਰਿਟਿਸ਼ ਕੋਲੰਬੀਆ ਵਿਚ ਰਹਿ ਰਿਹਾ ਹੈ। ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਆਖਿਰ ਇਹ ਵੀਡੀਓ ਕਿਸ ਤਰ੍ਹਾਂ ਤਿਆਰ ਕੀਤਾ ਗਿਆ ਹੈ।

## ਦਿਵਾਲੀ ਤੋਂ ਬਾਅਦ ਅਸਮਾਨ ’ਚ ਛਾਈ ਧੂੰਏਂ ਦੀ ਚਾਦਰ

# ਦੁਨੀਆ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਬਣਿਆ ਦਿੱਲੀ

**ਨਵੀਂ ਦਿੱਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦੀਵਾਲੀ ਦੇ ਤਿਉਹਾਰ ਤੋਂ ਬਾਅਦ, ਦਿੱਲੀ ਇੱਕ ਵਾਰ ਫਿਰ ਧੂੰਏਂ ਅਤੇ ਧੂੜ ਦੀ ਚਾਦਰ ਢੱਕੀ ਹੋਈ ਨਜ਼ਰ ਆ ਰਹੀ ਹੈ। ਸਵਿਸ ਏਅਰ ਕੁਆਲਿਟੀ ਫਰਮ IQAir ਦੀ ਤਾਜ਼ਾ ਰਿਪੋਰਟ ਦੇ ਅਨੁਸਾਰ, ਦਿੱਲੀ ਦੁਨੀਆ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਬਣ ਗਿਆ ਹੈ। ਭਾਰਤ ਦਾ ਮੁੰਬਈ (5ਵਾਂ) ਅਤੇ ਕੋਲਕਾਤਾ (8ਵਾਂ) ਵੀ ਇਸ ਸੂਚੀ ਵਿੱਚ ਸ਼ਾਮਲ ਹਨ। ਪਾਕਿਸਤਾਨ ਵਿੱਚ ਲਾਹੌਰ ਅਤੇ ਕਰਾਚੀ, ਕੁਵੈਤ, ਤਾਸ਼ਕੰਦ ਅਤੇ ਦੋਹਾ, ਆਸਟ੍ਰੇਲੀਆ ਵਿੱਚ ਕੈਨਬਰਾ ਅਤੇ ਇੰਡੋਨੇਸ਼ੀਆ ਵਿੱਚ ਜਕਾਰਤਾ ਵੀ ਟਾਪ10 ਵਿੱਚ ਸ਼ਾਮਲ ਹਨ। ਰਿਪੋਰਟਾਂ ਅਨੁਸਾਰ, ਦੀਵਾਲੀ ਤੋਂ ਬਾਅਦ ਦਿੱਲੀ ਦੀ ਹਵਾ ਦੀ ਗੁਣਵੱਤਾ ਵਿੱਚ ਤੇਜ਼ੀ ਨਾਲ ਗਿਰਾਵਟ ਆਈ। ਪਟਾਕਿਆਂ ਦੇ ਧੂੰਏਂ, ਵਾਹਨਾਂ ਦੇ ਧੂੰਏਂ, ਨਿਰਮਾਣ ਕਾਰਜ ਅਤੇ ਪਰਾਲੀ ਸਾੜਨ ਨਾਲ ਹਵਾ ਵਿੱਚ



ਜ਼ਿਹਰੀਲੇ ਕਣ ਨਿਕਲ ਰਹੇ ਹਨ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ (CPCB) ਦੇ ਅੰਕੜਿਆਂ ਅਨੁਸਾਰ, ਮੰਗਲਵਾਰ ਸਵੇਰੇ ਦਿੱਲੀ ਦਾ AQI 350 ਦਰਜ ਕੀਤਾ ਗਿਆ, ਜੋ ਕਿ “ਬਹੁਤ ਮਾੜਾ” ਸ਼੍ਰੇਣੀ ਵਿੱਚ ਆਉਂਦਾ ਹੈ। ਕੁਝ ਖੇਤਰਾਂ, ਜਿਵੇਂ ਕਿ ਬਵਾਨਾ, ਜਹਾਂਗੀਰਪੁਰੀ, ਵਜ਼ੀਰਪੁਰ, ਅਲੀਪੁਰ ਅਤੇ ਬੁਰਾੜੀ ਕਰਾਸਿੰਗ ਵਿੱਚ, AQI 401 ਤੋਂ ਵੱਧ ਗਿਆ, ਜੋ ਕਿ “ਗੰਭੀਰ” ਸ਼੍ਰੇਣੀ ਵਿੱਚ ਆਉਂਦਾ ਹੈ। ਦੀਵਾਲੀ ਤੋਂ ਪਹਿਲਾਂ, ਸੁਪਰੀਮ ਕੋਰਟ ਨੇ ਦਿੱਲੀ-ਐਨਸੀਆਰ ਵਿੱਚ ਸਿਰਫ਼ ਹਰੇ ਪਟਾਕੇ ਚਲਾਉਣ ਦੀ ਇਜਾਜ਼ਤ ਦਿੱਤੀ ਸੀ ਅਤੇ ਇੱਕ ਸਮਾਂ-ਸਾਰਣੀ ਨਿਰਧਾਰਤ ਕੀਤੀ ਸੀ: 18 ਤੋਂ 21 ਅਕਤੂਬਰ, ਸ਼ਾਮ 6 ਤੋਂ 7 ਵਜੇ ਅਤੇ ਰਾਤ 8 ਅਤੇ 10 ਵਜੇ ਤੱਕ। ਹਾਲਾਂਕਿ, ਬਹੁਤ ਸਾਰੇ ਖੇਤਰਾਂ ਵਿੱਚ, ਲੋਕ ਦੇਰ ਰਾਤ ਤੱਕ ਪਟਾਕੇ ਚਲਾਉਂਦੇ ਰਹੇ, ਜਿਸ ਨਾਲ ਹਵਾ ਹੋਰ ਪ੍ਰਦੂਸ਼ਿਤ ਹੋਈ। ਵਾਤਾਵਰਣ ਮਾਹਿਰਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਤੁਰੰਤ ਕਾਰਵਾਈ ਨਾ ਕੀਤੀ ਗਈ, ਤਾਂ ਇਸ ਸਰਦੀਆਂ ਵਿੱਚ ਪ੍ਰਦੂਸ਼ਣ ਹੋਰ ਵੀ ਵਿਗੜ ਸਕਦਾ ਹੈ। ਡਾਕਟਰਾਂ ਦੇ ਅਨੁਸਾਰ, “ਬਹੁਤ ਮਾੜੀ” ਜਾਂ “ਗੰਭੀਰ” ਹਵਾ ਵਿੱਚ ਲੰਬੇ ਸਮੇਂ ਤੱਕ ਰਹਿਣਾ ਫੇਫੜਿਆਂ, ਦਿਲ ਅਤੇ ਅੱਖਾਂ ਲਈ ਨੁਕਸਾਨਦੇਹ ਹੈ, ਖਾਸ ਕਰਕੇ ਬੱਚਿਆਂ ਅਤੇ ਬਜ਼ੁਰਗਾਂ ਲਈ। ਦਿੱਲੀ ਸਰਕਾਰ ਅਤੇ ਪ੍ਰਦੂਸ਼ਣ ਕੰਟਰੋਲ ਏਜੰਸੀਆਂ ਹੁਣ ਐਮਰਜੈਂਸੀ ਉਪਾਵਾਂ ’ਤੇ ਵਿਚਾਰ ਕਰ ਰਹੀਆਂ ਹਨ, ਜਿਸ ਵਿੱਚ ਸਕੂਲ ਬੰਦ ਕਰਨਾ, ਉਸਾਰੀ ਦਾ ਕੰਮ ਰੋਕਣਾ ਅਤੇ ਵਾਹਨਾਂ ਦੀ ਵਰਤੋਂ ’ਤੇ ਪਾਬੰਦੀ ਲਗਾਉਣਾ ਸ਼ਾਮਲ ਹੋ ਸਕਦਾ ਹੈ। ਇਹ ਦੀਵਾਲੀ ਪ੍ਰਦੂਸ਼ਣ ਇੱਕ ਵਾਰ ਫਿਰ ਇਹ ਸਵਾਲ ਉਠਾਉਂਦਾ ਹੈ ਕਿ ਕੀ ਦਿੱਲੀ ਵਾਸੀ ਹਰੇ ਪਟਾਕਿਆਂ ਅਤੇ ਨਿਯਮਾਂ ਦੇ ਬਾਵਜੂਦ ਸੁਰੱਖਿਅਤ ਹਵਾ ਵਿੱਚ ਸਾਹ ਲੈ ਸਕਣਗੇ।

## ਬੰਦੀ ਛੋੜ ਦਿਵਸ ਮੌਕੇ ਗੁਰੂ ਮਹਾਰਾਜ ਨੇ 52 ਰਾਜਿਆਂ ਨੂੰ ਰਿਹਾਅ ਕਰਵਾਇਆ ਸੀ ਉਸੇ ਤਰ੍ਹਾਂ ਹੀ ਅੱਜ ਦੀਆਂ ਸਰਕਾਰਾਂ ਨੂੰ ਵੀ ਬੰਦੀ ਸਿੰਘਾਂ ਨੂੰ ਰਿਹਾਅ ਕਰਨ : ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ

**ਅੰਮ੍ਰਿਤਸਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਸੱਚਖੰਡ ਸ਼੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਦੇਸ਼ਾਂ ਵਿਦੇਸ਼ਾਂ ’ਚ ਵਸਦੀ ਸੰਗਤ ਨੂੰ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ। ਇਸ ਦੌਰਾਨ ਉਨ੍ਹਾਂ ਨੇ ਬੰਦੀ ਸਿੰਘਾਂ ਦੇ ਸਬੰਧ ’ਚ ਵੱਡਾ ਬਿਆਨ ਦਿੱਤਾ। ਉਨ੍ਹਾਂ ਨੇ ਕਿਹਾ ਕਿ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ’ਚ ਸਿੱਖਾਂ ਨਾਲ ਬੇਰੁਖੀ ਦਿਖਾਈ ਜਾ ਰਹੀ ਹੈ। ਸਿੰਘ ਸਾਹਿਬ ਨੇ ਕਿਹਾ ਕਿ ਅੱਜ ਦੇ ਦਿਨ 52 ਰਾਜਿਆਂ ਨੂੰ ਸ੍ਰੀ ਗੁਰੂ ਹਰਗੋਬਿੰਦ ਪਾਤਸ਼ਾਹ ਜੀ ਨੇ ਗਵਾਲੀਅਰ ਦੇ ਕਿਲੇ ਚੋਂ 52 ਰਾਜਿਆਂ ਨੂੰ ਰਿਹਾਅ ਕਰਵਾਇਆ ਸੀ ਉਨਾਂ ਦੇ ਅੰਮ੍ਰਿਤਸਰ ਆਉਣ ਦੀ ਖੁਸ਼ੀ ਦੇ ਵਿੱਚ ਦੇਸੀ ਘਿਓ ਦੇ ਦੀਵੇ ਬਾਲੇ ਜਾਂਦੇ ਹਨ ਤੇ ਸਾਰਾ ਅੰਮ੍ਰਿਤਸਰ ਨੂੰ ਰੁਸ਼ਨਾਇਆ ਜਾਂਦਾ ਹੈ। ਉਸੇ ਨੂੰ ਮੁੱਖ ਰੱਖਦਿਆਂ ਸਿੱਖ ਕੌਮ ਬੰਦੀ ਛੋੜ ਦਿਵਸ ਮਨਾਉਂਦੀ ਹੈ। ਇਸ ਪਵਿੱਤਰ ਦਿਹਾੜੇ ’ਤੇ ਉਨ੍ਹਾਂ ਨੇ ਸਮੁੱਚੀ ਦੇਸ਼ਾਂ ਵਿਦੇਸ਼ਾਂ ’ਚ ਵਸਦੀ ਸੰਗਤ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਆਪਣੀ ਗੱਲ ਨੂੰ ਜਾਰੀ ਰੱਖਦੇ ਹੋਏ ਕਿਹਾ ਕਿ ਜਿਵੇਂ ਬੰਦੀ ਛੋੜ ਦਿਵਸ ਮੌਕੇ ਗੁਰੂ ਮਹਾਰਾਜ ਨੇ 52 ਰਾਜਿਆਂ ਨੂੰ ਰਿਹਾਅ ਕਰਵਾਇਆ ਸੀ ਉਸੇ ਤਰ੍ਹਾਂ ਹੀ ਅੱਜ ਦੀਆਂ ਸਰਕਾਰਾਂ ਨੂੰ ਵੀ ਬੰਦੀ ਸਿੰਘਾਂ ਨੂੰ ਰਿਹਾਅ ਕਰ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਬੰਦੀ ਸਿੰਘ ਕਾਫੀ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਹਨ ਅਤੇ ਉਹਨਾਂ ਦੀ ਸਜ਼ਾ ਵੀ ਪੂਰੀ ਹੋ ਚੁੱਕੀ ਹੈ। ਸਰਕਾਰਾਂ ਨੂੰ ਵੀ ਇਹ ਚਾਹੀਦਾ ਹੈ ਕਿ ਉਹ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਤਾਂ ਕਿ ਬੰਦੀ ਸਿੰਘ ਆਪਣੀ ਰਹਿੰਦੀ ਜ਼ਿੰਦਗੀ ਆਪਣੇ ਬੱਚਿਆਂ ਵਿੱਚ ਆਪਣੇ ਪਰਿਵਾਰਾਂ ਵਿੱਚ ਜੀਅ ਸਕਣ।



## ਪੰਜਾਬ ਦੇ ਸਾਬਕਾ ਡੀ. ਜੀ. ਪੀ. ਮੁਹੰਮਦ ਮੁਸਤਫ਼ਾ ਅਤੇ ਪਰਿਵਾਰਕ ਮੈਂਬਰਾਂ ’ਤੇ ਐਫਆਈਆਰ ਦਰਜ



**ਲੁਧਿਆਣਾ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਜ਼ੀਆ ਸੁਲਤਾਨਾ ਅਤੇ ਸਾਬਕਾ ਡੀ.ਜੀ.ਪੀ. ਮੁਹੰਮਦ ਮੁਸਤਫਾ ਦੇ ਇਕਲੌਤੇ ਬੇਟੇ ਆਕਿਲ ਅਖਤਰ ਦੀ ਮੌਤ ਦੇ ਮਾਮਲੇ ਵਿਚ ਪੰਚਕੂਲਾ ਪੁਲਸ ਵੱਲੋਂ ਪਰਿਵਾਰ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਸਾਬਕਾ ਡੀ.ਜੀ.ਪੀ. ਮੁਹੰਮਦ ਮੁਸਤਫਾ ਨੇ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਕਨੂੰਨ ਅਤੇ ਪੁਲਸ ਨਿਯਮਾਂ ਮੁਤਾਬਕ ਜੇਕਰ ਪੁਲਸ ਨੂੰ ਕਿਸੇ ਵੀ ਮਾਮਲੇ ਵਿਚ ਕੋਈ ਲਿਖਤੀ ਸ਼ਿਕਾਇਤ ਮਿਲਦੀ ਹੈ ਤਾਂ ਪੁਲਸ ਦੀ ਡਿਊਟੀ ਬਣ ਜਾਂਦੀ ਹੈ ਕਿ ਉਸ ਸ਼ਿਕਾਇਤ ਉੱਪਰ ਐੱਫ.ਆਈ.ਆਰ. ਦਰਜ ਕਰਨ। ਪੰਚਕੂਲਾ ਪੁਲਸ ਵੱਲੋਂ ਆਪਣੀ ਇਸੇ ਡਿਊਟੀ ਦੀ ਪਾਲਣਾ ਕੀਤੀ ਗਈ ਹੈ ਅਤੇ ਉਨ੍ਹਾਂ ਨੇ ਇਸ ਦਾ ਸਵਾਗਤ ਵੀ ਕੀਤਾ ਹੈ। ਮੁਹੰਮਦ ਮੁਸਤਫਾ ਨੇ ਸਪੱਸ਼ਟ ਕੀਤਾ ਕਿ ਐੱਫ.ਆਈ.ਆਰ. ਦਰਜ ਹੋਣ ਦਾ ਇਹ ਕਤੱਈ ਮਤਲਬ ਨਹੀਂ ਹੈ ਕਿ ਕਿਸੇ ਦਾ ਗੁਨਾਹ ਸਾਬਤ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਐੱਫ.ਆਈ.ਆਰ. ਦਰਜ ਹੋਣ ਤੋਂ ਬਾਅਦ ਅਸਲੀ ਕਾਰਵਾਈ ਸ਼ੁਰੂ ਹੋਵੇਗੀ ਅਤੇ ਕੁਝ ਦਿਨਾਂ ਅੰਦਰ ਦੁੱਧ ਦਾ ਦੁੱਧ- ਪਾਣੀ ਦਾ ਪਾਣੀ ਲੋਕਾਂ ਸਾਹਮਣੇ ਆ ਜਾਵੇਗਾ। ਉਨ੍ਹਾਂ ਮਾਲੇਰਕੋਟਲਾ ਵਾਸੀਆਂ ਅਤੇ ਪੰਜਾਬ ਵਸਦੇ ਆਪਣੇ ਸਨੇਹੀਆਂ ਨੂੰ ਅਪੀਲ ਕੀਤੀ ਕਿ ਐੱਫ.ਆਈ.ਆਰ. ਦਰਜ ਹੋਣ ਤੋਂ ਉਨ੍ਹਾਂ ਨੂੰ ਰੱਤੀ ਭਰ ਵੀ ਫਿਕਰ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਠੀਕ ਹੈ ਕਿ ਸਾਡੇ ਉੱਪਰ ਨੌਜਵਾਨ ਬੇਟੇ ਦੀ ਮੌਤ ਨਾਲ ਦੁੱਖਾਂ ਦਾ ਪਹਾੜ ਟੁੱਟਿਆ ਹੈ ਪ੍ਰੰਤੂ ਇਸ ਦਾ ਇਹ ਹਰਗਿਜ਼ ਮਤਲਬ ਨਹੀਂ ਕਿ ਆਪਾਂ ਗੰਦੀ ਸਿਆਸਤ ਅਤੇ ਘਟੀਆ ਸੋਚ ਵਾਲਿਆਂ ਦੀਆਂ ਕੋਝੀਆਂ ਹਰਕਤਾਂ ਦਾ ਮੁਕਾਬਲਾ ਨਹੀਂ ਕਰ ਸਕਦੇ। ਕਨੂੰਨ ਦਾ ਸਿਕੰਜਾ ਕਿਸ ਪਾਸੇ ਜਾਵੇਗਾ , ਇਹ ਵੀ ਜਲਦੀ ਹੀ ਲੋਕਾਂ ਦੇ ਸਾਹਮਣੇ ਆ ਜਾਵੇਗਾ। ਉਨ੍ਹਾਂ ਨੇ ਝੂਠੇ ਅਤੇ ਬੇਬੁਨਿਆਦ ਇਲਜ਼ਾਮ ਲਾ ਕੇ ਐੱਫ.ਆਈ.ਆਰ. ਦਰਜ ਕਰਵਾਉਣ ਵਾਲੇ ਲੋਕਾਂ ਨੂੰ ਵੀ ਕਨੂੰਨ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਦੀ ਚੇਤਾਵਨੀ ਦਿੱਤੀ। ਉਨ੍ਹਾਂ ਮਲੇਰਕੋਟਲਾ ਹਾਊਸ ਦੇ ਸਨੇਹੀਆਂ ਨੂੰ ਚੜ੍ਹਦੀ ਕਲਾ ਵਿਚ ਰਹਿਣ ਦੀ ਅਪੀਲ ਕਰਦਿਆਂ ਦੱਸਿਆ ਕਿ ਮਰਹੂਮ ਆਕਿਲ ਅਖਤਰ ਦੀ ਮਗਫਿਰਤ ਲਈ 25 ਅਕਤੂਬਰ 2025 ਦਿਨ ਸ਼ਨੀਵਾਰ ਨੂੰ ਸ਼ਾਮੀਂ 4 ਵਜੇ ‘ਇੱਜਤਮਾਈ ਦੁਆ’ ਰੱਖੀ ਗਈ ਹੈ।

## 11 ਸੂਬਿਆਂ ’ਚ ਤਬਾਹੀ ਮਚਾਏਗਾ ਚੱਕਰਵਾਤ, IMD ਨੇ Alert ਕੀਤਾ ਜਾਰੀ


**ਮੁੰਬਈ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਭਾਰਤ ’ਚ ਮਾਨਸੂਨ ਭਾਵੇਂ ਹੀ ਚਲਾ ਗਿਆ ਹੋਵੇ ਪਰ ਮੌਸਮ ਦਾ ਪ੍ਰਕੋਪ ਅਜੇ ਖ਼ਤਮ ਨਹੀਂ ਹੋਇਆ ਹੈ। ਮੌਸਮ ਵਿਭਾਗ ਨੇ ਚੱਕਰਵਾਤ ਦਾ ਅਲਰਟ ਜਾਰੀ ਕੀਤਾ ਹੈ, ਜਿਸ ਨਾਲ ਨਾ ਸਿਰਫ਼ ਸਮੁੰਦਰੀ ਖੇਤਰਾਂ, ਬਲਕਿ ਅੰਦਰੂਨੀ ਸੂਬਿਆਂ ਨੂੰ ਵੀ ਨੁਕਸਾਨ ਹੋ ਸਕਦਾ ਹੈ। ਮੌਸਮ ਵਿਗਿਆਨ ਵਿਭਾਗ (IMD) ਨੇ ਬੰਗਾਲ ਖਾੜੀ ਦੇ ਉੱਪਰ ਅੰਡਮਾਨ-ਨਿਕੋਬਾਰ ਟਾਪੂਆਂ ਲਈ ਚੱਕਰਵਾਤ ਦਾ ਅਲਰਟ ਜਾਰੀ ਕੀਤਾ ਹੈ। ਇਸ ਦੇ ਅਸਰ ਤੋਂ ਪ੍ਰਭਾਵਿਤ ਖੇਤਰਾਂ ’ਚ 23 ਅਕਤੂਬਰ ਤੱਕ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। ਅਲਰਟ ਜਾਰੀ ਹੋਣ ਦੇ ਬਾਅਦ ਸਥਾਨਕ ਬੰਦਰਗਾਹਾਂ ਨੂੰ ਖਾਲੀ ਕੀਤਾ ਜਾ ਰਿਹਾ ਹੈ। ਚੱਕਰਵਾਤ ਦਾ ਅਸਰ ਦੱਖਣੀ ਪ੍ਰਦੇਸ਼ ਤੋਂ ਪੂਰਬ, ਪੂਰਬੀ ਉੱਤਰ-ਪੂਰਬ, ਮੱਧ ਭਾਰਤ, ਪੱਛਮੀ ਭਾਰਤ ਅਤੇ ਉੱਤਰ ਭਾਰਤ ਤੱਕ ਵੇਖਿਆ ਜਾ ਸਕਦਾ ਹੈ। ਪ੍ਰਭਾਵਿਤ ਰਾਜ: ਕੇਰਲ, ਤਮਿਲਨਾਡੂ, ਆਂਧਰਾ ਪ੍ਰਦੇਸ਼, ਕਰਨਾਟਕ, ਓਡੀਸ਼ਾ, ਮਹਾਰਾਸ਼ਟਰ, ਛੱਤੀਸਗੜ੍ਹ, ਗੋਆ, ਜੰਮੂ-ਕਸ਼ਮੀਰ, ਉੱਤਰਾਖੰਡ, ਹਿਮਾਚਲ ਪ੍ਰਦੇਸ਼। ਅੰਡਮਾਨ-ਨਿਕੋਬਾਰ ਤੋਂ ਸ਼ੁਰੂ ਹੋ ਕੇ ਚੱਕਰਵਾਤ ਕੇਰਲ ’ਚ ਦਾਖਲ ਹੋਵੇਗਾ, ਫਿਰ ਰਾਜਸਥਾਨ, ਮੱਧ ਪ੍ਰਦੇਸ਼, ਮਹਾਰਾਸ਼ਟਰ, ਓਡੀਸ਼ਾ ਅਤੇ ਹਿਮਾਚਲ ਤੱਕ ਪ੍ਰਭਾਵ ਪਹੁੰਚੇਗਾ ਹਾਲਾਂਕਿ ਪੰਜਾਬ ’ਚ ਅਗਲੇ 4-5 ਦਿਨਾਂ ਤੱਕ ਮੌਸਮ ਆਮ ਬਣਿਆ ਰਹੇਗਾ ਅਤੇ ਤਾਪਮਾਨ ਵਿੱਚ ਕੋਈ ਖ਼ਾਸ ਬਦਲਾਅ ਵੇਖਣ ਨੂੰ ਨਹੀਂ ਮਿਲੇਗਾ। ਮੌਸਮ ਵਿਭਾਗ ਅਨੁਸਾਰ ਜ਼ਿਆਦਾਤਰ ਸ਼ਹਿਰਾਂ ’ਚ ਤਾਪਮਾਨ 16 ਤੋਂ 33 ਡਿਗਰੀ ਸੈਲਸੀਅਸ ਦੇ ਵਿਚਕਾਰ ਰਹਿਣ ਦੀ ਉਮੀਦ ਹੈ ਅਤੇ ਮੌਸਮ ਖ਼ੁਸ਼ਕ ਰਹੇਗਾ। ਉਥੇ ਹੀ ਇਸ ਮੌਸਮ ਦੇ ਵਿਚਕਾਰ ਸੂਬੇ ਦੀ ਹਵਾ ਲਗਾਤਾਰ ਜ਼ਿਹਰੀਲੀ ਹੁੰਦੀ ਜਾ ਰਹੀ ਹੈ, ਜਿਸ ਨੇ ਲੋਕਾਂ ਦੀ ਚਿੰਤਾ ਵਧਾ ਦਿੱਤੀ ਹੈ।

## ਪੁਰਾਣੀ ਰੰਜਿਸ਼ ਨੂੰ ਲੈ ਇੱਕ ਧਿਰ ਵੱਲੋਂ ਦੂਜੀ ਧਿਰ ’ਤੇ ਹਮਲਾ ,ਇੱਕ ਵਿਅਕਤੀ ਦੀ ਮੌਤ ਅਤੇ 4 ਜ਼ਖਮੀ

**ਅੰਮ੍ਰਿਤਸਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਬੋਪਾਰਾਏ ਖ਼ੁਰਦ ਵਿਖੇ ਬੀਤੀ ਰਾਤ ਪੁਰਾਣੀ ਰੰਜਿਸ਼ ਨੂੰ ਲੈ ਕੇ ਹੋਏ ਹਮਲੇ ਵਿੱਚ ਇੱਕ ਧਿਰ ਦੇ ਇੱਕ ਵਿਅਕਤੀ ਦਾ ਕਤਲ ਹੋਣ ਤੇ ਚਾਰ ਦੇ ਜ਼ਖਮੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਹਮਲਾਵਰ ਧਿਰ ਦੇ ਵਿਅਕਤੀ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਦੱਸੇ ਜਾ ਰਹੇ ਹਨ, ਜਦੋਂਕਿ ਹਮਲੇ ਵਿੱਚ ਜ਼ਖਮੀ ਹੋਏ ਤੇ ਮਾਰੇ ਗਏ ਵਿਅਕਤੀ ਕਾਂਗਰਸ ਪਾਰਟੀ ਨਾਲ ਸਬੰਧਤ ਦੱਸੇ ਜਾ ਰਹੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਰਾਤ ਕਰੀਬ 9:30 ਵਜੇ ਹੋਏ ਇਸ ਹਮਲੇ ਵਿੱਚ ਹਰੀ ਸਿੰਘ (65 ) ਦੀ ਮੌਤ ਹੋ ਗਈ, ਜਦੋਂ ਕਿ ਹਰਜਿੰਦਰ ਸਿੰਘ, ਸਤਵੰਤ ਸਿੰਘ, ਲਖਬੀਰ ਸਿੰਘ ਅਤੇ ਹਰਪ੍ਰੀਤ ਸਿੰਘ ਹੈਪੀ ਰੂਪ ਵਿਚ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਅੰਮ੍ਰਿਤਸਰ ਦੇ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ। ਮ੍ਰਿਤਕ ਵਿਅਕਤੀ ਹਰੀ ਸਿੰਘ ਦੇ ਭਤੀਜੇ ਅਤੇ ਪਿੰਡ ਬੋਪਾਰਾਏ ਖ਼ੁਰਦ ਦੇ ਸਾਬਕਾ ਸਰਪੰਚ ਕੇਵਲ ਸਿੰਘ ਪਹਿਲਵਾਨ ਨੇ ਦੱਸਿਆ ਕਿ ਹਮਲਾਵਰ ਵਿਅਕਤੀਆਂ ਨਾਲ ਉਨ੍ਹਾਂ ਦੀ ਪੁਰਾਣੀ ਰੰਜਿਸ਼ ਚੱਲ ਰਹੀ ਹੈ, ਜਿਸ ਦੇ ਚਲਦਿਆਂ ਹਾਕਮ ਧਿਰ ਨਾਲ ਸੰਬੰਧਿਤ ਹਮਲਾਵਰ ਧਿਰ ਨੇ ਉਨ੍ਹਾਂ ਦੇ 11 ਵਿਅਕਤੀਆਂ ਦੇ ਖ਼ਿਲਾਫ਼ ਪਹਿਲਾਂ ਵੀ ਨਜਾਇਜ਼ ਪਰਚੇ ਦਰਜ ਕਰਵਾਏ ਸਨ, ਜਿਸ ਕਰਕੇ ਉਨ੍ਹਾਂ ਦੇ ਪੰਜ ਵਿਅਕਤੀਆਂ ਨੂੰ ਜੇਲ੍ਹ ਵਿੱਚ ਵੀ ਰਹਿਣਾ ਪਿਆ ਹੈ। ਉਨ੍ਹਾਂ ਦੱਸਿਆ ਕਿ ਹਰਜਿੰਦਰ ਸਿੰਘ ਪੁੱਤਰ ਹਰੀ ਸਿੰਘ ਦੀ ਚੱਕੀ ਦੇ ਸਾਹਮਣੇ ਰਾਤੀਂ ਕੁਝ ਨੌਜਵਾਨ ਪਟਾਕੇ ਚਲਾ ਰਹੇ ਸਨ ਤਾਂ ਰੰਜਿਸ਼ ਕਾਰਨ ਵਿਰੋਧੀ ਧਿਰ ਦੇ ਵਿਅਕਤੀਆਂ ਨੇ ਉਨ੍ਹਾਂ ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਹਰੀ ਸਿੰਘ ਦੀ ਮੌਤ ਅਤੇ ਬਾਕੀ ਚਾਰ ਵਿਅਕਤੀ ਜ਼ਖਮੀ ਹੋ ਗਏ।

## ਬਾਲੀਵੁੱਡ ਦੇ ਪ੍ਰਸਿੱਧ ਅਦਾਕਾਰ ਅਸਰਾਨੀ ਨਹੀਂ ਰਹੇ, 84 ਸਾਲ ਦੀ ਉਮਰ ’ਚ ਲਿਆ ਆਖ਼ਰੀ ਸਾਹ

**ਮੁੰਬਈ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਬਾਲੀਵੁੱਡ ਜਗਤ ਤੋਂ ਮਾੜੀ ਖਬਰ ਸਾਹਮਣੇ ਆਈ ਹੈ। ਹਿੰਦੀ ਸਿਨੇਮਾ ਦੇ ਜਾਣੇ-ਮਾਣੇ ਅਦਾਕਾਰ ਅਤੇ ਨਿਰਦੇਸ਼ਕ ਗੋਵਰਧਨ ਅਸਰਾਨੀ ਦਾ ਸੋਮਵਾਰ ਯਾਨੀਕਿ 20 ਅਕਤੂਬਰ ਦੁਪਹਿਰ ਨੂੰ ਮੁੰਬਈ ਦੇ ਜੂਹੁ ਸਥਿਤ ਆਰੋਗਿਆ ਨਿਧੀ ਹਸਪਤਾਲ ਵਿੱਚ ਦਿਹਾਂਤ ਹੋ ਗਿਆ। ਉਹ 84 ਸਾਲ ਦੇ ਸਨ। ਉਨ੍ਹਾਂ ਦੀ ਅੰਤਿਮ ਸੰਸਕਾਰ ਸਮਾਂ ਜਲਾਏ ਗਿਆ ਜੋ ਸ਼ਾਂਤੀਪੂਰਵਕ ਸ਼ਾਮ ਨੂੰ ਸਾਂਤਾ ਕ੍ਰੂਜ਼ ਸਥਿਤ ਸ਼ਾਸਤਰੀ ਨਗਰ ਸ਼ਮਸ਼ਾਨਭੂਮੀ ਵਿੱਚ ਪਰਿਵਾਰ ਅਤੇ ਨੇੜਲੇ ਲੋਕਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਉਨ੍ਹਾਂ ਦੇ ਮੈਨੇਜਰ ਬਾਬੂਭਾਈ ਥੀਬਾ ਨੇ ਦੱਸਿਆ ਕਿ ਅਸਰਾਨੀ ਦੀ ਸਿਹਤ ਪਿਛਲੇ ਕੁਝ ਸਮੇਂ ਤੋਂ ਕਮਜ਼ੋਰ ਸੀ ਅਤੇ ਸੋਮਵਾਰ ਨੂੰ ਉਨ੍ਹਾਂ ਨੇ ਆਖ਼ਰੀ ਸਾਹ ਲਿਆ। ਅਸਰਾਨੀ ਦੇ ਨਿਧਨ ਦੀ ਖ਼ਬਰ ਨੂੰ ਲੈ ਕੇ ਉਨ੍ਹਾਂ ਦੇ ਪਰਿਵਾਰ ਨੇ ਪਹਿਲਾਂ ਹੀ ਫ਼ੈਸਲਾ ਲਿਆ ਸੀ ਕਿ ਇਸ ਬਾਰੇ ਕੋਈ ਸ਼ੋਰ ਜਾਂ ਹਲਚਲ ਨਹੀਂ ਕਰਨੀ। ਉਨ੍ਹਾਂ ਨੇ ਆਪਣੀ ਪਤਨੀ ਮੰਜੂ ਅਸਰਾਨੀ ਨੂੰ ਕਿਹਾ ਸੀ ਕਿ ਉਨ੍ਹਾਂ ਦੀ ਮੌਤ ਦੀ ਸੂਚਨਾ ਸਾਰਵਜਨਿਕ ਨਾ ਕੀਤੀ ਜਾਵੇ। ਇਸੇ ਲਈ ਉਨ੍ਹਾਂ ਦਾ ਅੰਤਿਮ ਸੰਸਕਾਰ ਬਿਨਾਂ ਕਿਸੇ ਰਸਮੀ ਘੋਸ਼ਣਾ ਦੇ ਚੁੱਪਚਾਪ ਸੰਪੰਨ ਹੋ ਗਿਆ। ਗੋਵਰਧਨ ਅਸਰਾਨੀ ਨੇ ਆਪਣੇ ਲੰਮੇ ਕਰੀਅਰ ਵਿੱਚ 350 ਤੋਂ ਵੱਧ ਫ਼ਿਲਮਾਂ ਵਿੱਚ ਕੰਮ ਕੀਤਾ ਅਤੇ ਆਪਣੀ ਕਾਮਿਕ ਟਾਈਮਿੰਗ ਅਤੇ ਅਦਵਿਤੀਆ ਅਭਿਨੈ ਸ਼ੈਲੀ ਨਾਲ ਦਰਸ਼ਕਾਂ ਦੇ ਦਿਲਾਂ ਵਿੱਚ ਅਮਿਟ ਛਾਪ ਛੱਡੀ। ’ਸ਼ੋਲੇ’ ਵਿੱਚ ਜੇਲ੍ਹ ਵਾਰਡਨ ਦਾ ਕਿਰਦਾਰ, ’ਚੁੱਪਕੇ ਚੁੱਪਕੇ’, ’ਆ ਅਬ ਲੌਟ ਚਲੇਣ’, ’ਹੇਰਾ ਫ਼ੇਰੀ’ ਵਰਗੀਆਂ ਫ਼ਿਲਮਾਂ ਵਿੱਚ ਉਨ੍ਹਾਂ ਦੇ ਅਭਿਨੈ ਨੂੰ ਹਰ ਪੀੜ੍ਹੀ ਨੇ ਸਰਾਹਿਆ। ਹਿੰਦੀ ਸਿਨੇਮਾ ਨੇ ਇੱਕ ਅਜਿਹੇ ਕਲਾਕਾਰ ਨੂੰ ਗੁਆ ਦਿੱਤਾ ਹੈ, ਜਿਸ ਨੇ ਹਾਸੇ ਅਤੇ ਭਾਵਨਾਵਾਂ ਦੋਵੇਂ ਨਾਲ ਦਰਸ਼ਕਾਂ ਦੇ ਦਿਲ ਜਿੱਤਣ ਵਿੱਚ ਮਾਹਰ ਸੀ। ਅਸਰਾਨੀ ਮੂਲ ਰੂਪ ਤੋਂ ਰਾਜਸਥਾਨ ਦੇ ਜੈਪੁਰ ਦੇ ਰਹਿਣ ਵਾਲੇ ਸਨ। ਉਨ੍ਹਾਂ ਨੇ ਆਪਣੀ ਪੜਾਈ ਸੇਂਟ ਜੇਵਿਅਰਜ਼ ਸਕੂਲ, ਜੈਪੁਰ ਤੋਂ ਪੂਰੀ ਕੀਤੀ। ਉਨ੍ਹਾਂ ਦਾ ਕਰੀਅਰ ਲਗਭਗ ਪੰਜ ਦਹਾਕਿਆਂ ਤੱਕ ਚੱਲਿਆ ਅਤੇ ਉਨ੍ਹਾਂ ਨੇ ਹਾਸ ਅਦਾਕਾਰ ਅਤੇ ਸਹਾਇਕ ਅਦਾਕਾਰ ਦੇ ਤੌਰ ’ਤੇ ਕਈ ਯਾਦਗਾਰ ਭੂਮਿਕਾਵਾਂ ਨਿਭਾਈਆਂ। 1970 ਦੇ ਦਹਾਕੇ ਵਿੱਚ ਉਹ ਆਪਣੇ ਕੈਰੀਅਰ ਦੇ ਸ਼ਿਖਰ ’ਤੇ ਸਨ। ਇਸ ਦੌਰਾਨ ਉਨ੍ਹਾਂ ਨੇ ‘ਮੇਰੇ ਆਪਣੇ’, ‘ਕੋਸ਼ਿਸ਼’, ‘ਬਾਵਰਚੀ’, ‘ਪਰਿਚਯ’, ‘ਅਭਿਮਾਨ’, ‘ਚੁਪਕੇ-ਚੁਪਕੇ’, ‘ਛੋਟੀ ਸੀ ਗੱਲ’, ‘ਰਫੂ ਚੱਕਰ’ ਵਰਗੀਆਂ ਫ਼ਿਲਮਾਂ ਵਿੱਚ ਆਪਣੀ ਕਲਾ ਦਾ ਲੋਹਾ ਮਨਵਾਇਆ। ਸ਼ੋਲੇ (1975) ਵਿੱਚ ਜੇਲ ਵਾਰਡਨ ਦੀ ਉਨ੍ਹਾਂ ਦੀ ਭੂਮਿਕਾ ਅੱਜ ਵੀ ਦਰਸ਼ਕਾਂ ਦੀ ਯਾਦਾਂ ਵਿੱਚ ਤਾਜ਼ਾ ਹਨ। ਅਸਰਾਨੀ ਨੇ ਸਿਰਫ਼ ਸਿਨੇਮਾ ਵਿੱਚ ਹੀ ਨਹੀਂ, ਸਗੋਂ ਦਰਸ਼ਕਾਂ ਦੇ ਦਿਲਾਂ ਵਿੱਚ ਵੀ ਆਪਣੀ ਅਮਿਟ ਪਹਿਚਾਣ ਬਣਾਈ।



## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ:
## 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**

**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--★ ਜਾਰੀ ਕਰਤਾ ★--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.













**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

# ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 29ਵਾਂ ਸਲਾਨਾ ਜੋੜ ਮੇਲਾ 1 ਨਵੰਬਰ 2025 ਨੂੰ ਸ਼ਨੀਵਾਰ ਦੇ ਦਿਨ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ











**ਜੱਸੋਵਾਲ, ਹੁਸ਼ਿਆਰਪੁਰ, 17 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸ਼ਹੀਦਾਂ ਜੱਸੋਵਾਲ ਬੱਬਰਾਂ ਹਾਈ ਕੋਰਟ ਵਿਖੇ 29ਵਾਂ ਸਲਾਨਾ ਜੋੜ ਮੇਲਾ ਆਉਣ ਵਾਲੇ 1 ਨਵੰਬਰ (ਸ਼ਨੀਵਾਰ) ਨੂੰ ਸ਼ਾਨੋ ਸ਼ੌਕਤ ਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸ ਜੋੜ ਮੇਲੇ ਵਿੱਚ ਧਾਰਮਿਕ ਤੇ ਰਾਜਨੀਤਿਕ ਪਾਰਟੀਆਂ ਦੇ ਪ੍ਰਮੁੱਖ ਆਗੂ, ਪੰਥਕ ਜਥੇਬੰਦੀਆਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ ਅਤੇ ਵਿਦੇਸ਼ਾਂ ਤੋਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਇਸ ਸਬੰਧੀ 17 ਅਕਤੂਬਰ ਦਿਨ ਸ਼ੁੱਕਰਵਾਰ ਨੂੰ ਵਿਸ਼ੇਸ਼ ਮੀਟਿੰਗ ਗੁਰਦੁਆਰਾ ਸਾਹਿਬ ਵਿਖੇ ਕਰਵਾਈ ਗਈ, ਜਿਸ ਦੀ ਅਗਵਾਈ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਜੀ ਨੇ ਕੀਤੀ। ਮੀਟਿੰਗ ਵਿੱਚ ਇਲਾਕੇ ਦੀਆਂ ਸੰਗਤਾਂ, ਸਰਪੰਚ ਸਾਹਿਬਾਨ ਅਤੇ ਸੇਵਾਦਾਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਸਾਰੀਆਂ ਸੰਗਤਾਂ ਵਿੱਚ ਆਉਣ ਵਾਲੇ ਜੋੜ ਮੇਲੇ ਲਈ ਵੱਡਾ ਉਤਸ਼ਾਹ ਦੇਖਣ ਯੋਗ ਸੀ।

**ਮੀਟਿੰਗ ਵਿੱਚ ਪਹੁੰਚੇ ਪ੍ਰਮੁੱਖ ਨਿਹੰਗ ਸਿੰਘ ਜਥੇਦਾਰ : ਜਥੇਦਾਰ ਬਾਬਾ ਸਵਰਨਜੀਤ ਸਿੰਘ ਜੀ ਨਿਹੰਗ ਸਿੰਘ, ਮਿਸ਼ਲ ਸ਼ਹੀਦਾਂ ਤਰਨਾ ਦਲ, ਜਥੇਦਾਰ ਬਾਬਾ ਫਤਿਹ ਸਿੰਘ ਜੀ, ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਛਾਉਣੀ ਨੰਗਲ ਸਿੰਘਾ ਬੁੱਢਾ ਦਲ, ਨਵਾਂ ਸ਼ਹਿਰ, ਜਥੇਦਾਰ ਬਾਬਾ ਮਲਕੀਤ ਸਿੰਘ ਜੀ ਨਿਹੰਗ ਸਿੰਘ, ਗੁਰੂ ਨਾਨਕ ਦਰਬਾਰ ਗੜ੍ਹਸ਼ੰਕਰ, ਜਥੇਦਾਰ ਬਾਬਾ ਅੰਦੇਸ਼ ਸਿੰਘ ਜੀ, ਅੰਮ੍ਰਿਤਸਰ**

ਇਨ੍ਹਾਂ ਦੇ ਨਾਲ ਕਈ ਹੋਰ ਧਾਰਮਿਕ ਆਗੂਆਂ ਨੇ ਵੀ ਹਾਜ਼ਰੀ ਭਰੀ ਅਤੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

**ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:**

- **20 ਅਕਤੂਬਰ 2025: ਅਖੰਡ ਪਾਠ ਸਾਹਿਬ ਦਾ ਆਰੰਭ**
- **13 ਦਿਨਾਂ ਤੱਕ: ਲੜੀਵਾਰ ਸਮਾਗਮ ਤੇ ਸੰਗਤਾਂ ਲਈ ਧਾਰਮਿਕ ਪ੍ਰੋਗਰਾਮ**
- **1 ਨਵੰਬਰ (ਸ਼ਨੀਵਾਰ): ਮੁੱਖ ਜੋੜ ਮੇਲਾ**

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮਹਾਂ ਸਮਾਗਮ ਵਿੱਚ ਵਿਸ਼ੇਸ਼ ਤੌਰ ’ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਮੀਤ ਸਿੰਘ ਜੀ ਰੋਡੇ — ਜੋ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ ਹਨ — ਹਾਜ਼ਰੀ ਭਰਨਗੇ। ਰਾਗੀ, ਢਾਡੀ, ਕਥਾਵਾਚਕ ਅਤੇ ਇੰਟਰਨੈਸ਼ਨਲ ਪੰਥ ਦਲ ਦੀ ਸਮੁੱਚੀ ਲੀਡਰਸ਼ਿਪ ਇਸ ਸਮਾਗਮ ਵਿੱਚ ਸ਼ਮੂਲੀਅਤ ਕਰੇਗੀ। ਵਿਦੇਸ਼ਾਂ, ਖ਼ਾਸ ਕਰਕੇ ਯੂਕੇ ਅਤੇ ਇੰਗਲੈਂਡ ਦੀਆਂ ਸੰਗਤਾਂ ਵੱਲੋਂ ਵੀ ਵੱਡੇ ਪੱਧਰ ’ਤੇ ਪਹੁੰਚਣ ਦੀ ਪੁਸ਼ਟੀ ਹੋ ਚੁੱਕੀ ਹੈ। ਸੰਗਤਾਂ ਦੀ ਸੇਵਾ ਲਈ ਚਾਹ, ਪਕੌੜੇ, ਬੇਸਨ ਮਟਰੀ ਅਤੇ ਬਦਾਨੇ ਨਾਲ ਭਰਪੂਰ ਪ੍ਰਸਾਦ ਦੀ ਵਿਵਸਥਾ ਕੀਤੀ ਗਈ ਹੈ। ਸਾਰੀਆਂ ਸੇਵਾਵਾਂ ਚਾਉ, ਸ਼ਰਧਾ ਤੇ ਨਿਸ਼ਕਾਮ ਭਾਵ ਨਾਲ ਚੱਲ ਰਹੀਆਂ ਹਨ। ਗੁਰਦੁਆਰਾ ਸਾਹਿਬ ਦੇ ਇੰਚਾਰਜ ਭਾਈ ਜਰਨੈਲ ਸਿੰਘ ਨੇ ਮੀਟਿੰਗ ਵਿੱਚ ਸ਼ਾਮਲ ਹੋਏ ਸਾਰਿਆਂ ਦਾ ਧੰਨਵਾਦ ਕੀਤਾ।

**✶ ਜਾਰੀ ਕਰਤਾ ✶**

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ,
ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ,
ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ AWAZE QAUM
International Newspaper & WEB TV

ਇੰਗਲੈਂਡ ਅਤੇ ਯੌਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

ਆਵਾਜ਼ਿ ਕੌਮ ਟੂਰ & ਟਰੈਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।

ਨਵੰਬਰ 2025
ਬੁਕਿੰਗ ਸ਼ੁਰੂ ਹੈ
ਪਾਕਿਸਤਾਨ ਯਾਤਰਾ ਪੈਕੇਜ
£1650



NOV 2025
Book Now
Pakistan Yatra Package
£1650

## 9 Days Yatra - 31 Oct to 8 Nov, 2025

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿ'ਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋ 2010 ਤੋ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋ ਵੱਧ ਗੁਰਧਾਮਾਂ ਦੇ ਦਰਸ਼ਨ, ਯੌਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਡ ਅਤੇ ਯੌਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। **ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।**

ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।

Yatra Expenses from UK: Pakistan 950 + Dubai 695 = From Europe Pakistan 1095 Dubai 795
(Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)
Special Discount on Yatra for family with Kids & 5 Star Yatra Package available on request



## Awaze Qaum Tour & Travels

**Tel: +44 7976 210161**

Canada & USA Sangat Call Jasbir Sgh Boparai @
Canada:+1-647-231-1600- USA: +1-716-342-6007


Awaze Qaum Tour & Travels & Raghbir Singh Jatha
SINGH TRAVEL & TOURS LTD.
Singh Travel
GURDHAM YATRA & SEVA SOCIETY
CANADA
GURDHAMYATRA.COM
YATRA
NANKANA SAHIB
OCT 30 - NOV 8, 2025
ਆਵਾਜ਼ਿ ਕੌਮ
AWAZE QAUM
International Newspaper & WEB TV
Nankana Sahib
Panja Sahib
kartarpur Sahib
25+ Gurdwara's & Historical places darshan
ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।
YATRA WITH SINGH TRAVEL – WE MAKE YOUR YATRA TRULY MEMORABLE!
4 Days Dubai + all meals Ac Buses, 5 Attractions Airport & hotel
UK. 695
Europe. 795
9 Days + Veg meals, Ac Buses, Visa+ Hotels & Z+ Security, Without Ticket
UK. 950
Europe. 1095
Pakistan Yatra 9 Days + Veg meals, Ac Buses, Visa+ Hotels, Z+ Security & Return Air Ticket
UK. 1650
Raghbir Singh
07976 210161
Mangal Singh
07939 486321
Jasbir S. Boparai
+1 647.231.1600

# AWAZE QAUM TOUR & TRAVEL (YATRA SINCE 2000)

ਆਵਾਜ਼ਿ ਕੌਮ AWAZE QAUM International Newspaper & WEB TV

# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 30 OCT TO 8 NOV, 2025









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)



RAGHBIR SINGH
+44
7976 210 161

PACKAGE INCLUDES:
PAKISTAN VISA+ HOTEL(TWIN SHARE)+
LUXURY TRANSPORT+ VEG. FOOD +
MINERAL WATER AND MUCH MORE

CANADA SANGAT: +1 647.231.1600 – USA SANGAT: +1 716.342.6007


SRI GURU TEGH BAHADUR SAHIB JI
350TH
SHAHEEDI DIVAS
350 ਸ਼ਹੀਦੀ ਸਮਾਗਮ
ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ
ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹੀਦੀ ਨੂੰ ਸਮਰਪਿਤ
23 ਤੋਂ 26 ਅਕਤੂਬਰ 2025 ਤੱਕ
23 ਅਕਤੂਬਰ (ਵੀਰਵਾਰ)
ਪਾਠ ਸ੍ਰੀ ਸੁਖਮਨੀ ਸਾਹਿਬ – ਦੁਪਹਿਰ 3:00 ਵਜੇ
ਦੀਵਾਨ – 3:00 ਵਜੇ ਤੋਂ 8:30 ਵਜੇ ਤੱਕ
24 ਅਕਤੂਬਰ (ਸ਼ੁੱਕਰਵਾਰ)
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 8:30 ਵਜੇ ਤੱਕ
25 ਅਕਤੂਬਰ (ਸ਼ਨੀਵਾਰ)
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 9:00 ਵਜੇ ਤੱਕ
26 ਅਕਤੂਬਰ (ਐਤਵਾਰ)
ਸ੍ਰੀ ਸਹਿਜ ਪਾਠ ਭੋਗ – ਸਵੇਰੇ 10:00 ਵਜੇ
ਦੀਵਾਨ – ਸਵੇਰੇ 5:30 ਵਜੇ ਤੋਂ ਸ਼ਾਮ 7:00 ਵਜੇ ਤੱਕ
ਕਾਰ ਪਾਰਕ
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
126-128 High St, West Bromwich B70 6JW
ਆਵਾਜ਼ਿ ਕੌਮ AWAZE QAUM International Newspaper & WEB TV
ਸੈਂਡਵੈਲ ਦੇ ਸਮੂਹ ਗੁਰਦੁਆਰਿਆਂ ਸਾਹਿਬ ਦੇ ਸਹਿਜੋਗ ਨਾਲ ਸਾਂਝੇ ਤੌਰ ਤੇ ਅਤੇ ਸਮੂਹ ਸਾਧ ਸੰਗਤ ਦੇ ਸਹਿਜੋਗ ਨਾਲ ਚਾਰ ਦਿਨਾਂ ੩੫੦ ਸਾਲਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਵੈਸਟ ਬਰੋਮਵਿਚ ਦੀ ਕਾਰ ਪਾਰਕਿੰਗ ਵਿੱਚ ਮਨਾਇਆ ਜਾ ਰਿਹਾ ਹੈ
ਗੁਰਦੁਆਰਾ ਨਾਨਕਸਰ - ਸਮੈਥਵਿਕ
ਗੁਰਦੁਆਰਾ ਸਚਖੰਡ ਇਸ਼ਰ ਦਰਬਾਰ
ਗੁਰਦੁਆਰਾ ਗੁਰੂ ਹਰਗੋਬਿੰਦ ਸਾਹਿਬ ਜੀ ਟਿਵੀਡੇਲ
Sikh Council Sandwell
Guru Nanak Gurdwara
Sri Guru HarRai Sahib Ji
Gurdwara Guru Maneyo Granth OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181



SRI GURU TEGH BAHADUR SAHIB JI
350TH
SHAHEEDI DIVAS
350TH SHAHEEDI SMAGAM
DEDICATED TO THE 350TH SHAHEEDI OF
SRI GURU TEGH BAHADUR SAHIB JI
In memory of Shaheeds Bhai Mati Das Ji, Bhai Sati Das Ji, and Bhai Dayala Ji
23RD – 26TH OCTOBER 2025
23rd October (Thursday)
Path Sri Sukhmani Sahib – 3:00 PM
Divaan – 3:00 PM to 8:30 PM
24th October (Friday)
Divaan – 5:30 AM to 8:30 PM
25th October (Saturday)
Divaan – 5:30 AM to 9:00 PM
26th October (Sunday)
Sri Sehaj Path Bhog – 10:00 AM
Divaan – 5:30 AM to 7:00 PM
SMAGAM HELD IN CAR PARK OF
GURDWARA GURU HAR RAI SAHIB JI
126–128 HIGH ST, WEST BROMWICH B70 6JW
ਆਵਾਜ਼ਿ ਕੌਮ AWAZE QAUM
International Newspaper & WEB TV
This smagam has been organised by The Sandwell Council of Sikh Gurdware and the Sadh Sangat. Please come along and attend this four day program with your friends and family to remember the sacrifice of our great shaheeds.
Gurdwara Nanaksar Smethwick
Gurdwara Sachkhand Isher Darbar
Gurdwara Guru Hargobind Sahib Ji Tividale
Sikh Council Sandwell
Guru Nanak Gurdwara
Sri Guru HarRai Sahib Ji
Gurdwara Guru Maneyo Granth OLDBURY
GURDWARA OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181


SARDARI TRAVELS
SARDARI TRAVELS PROUDLY PRESENTS
NANKANA SAHIB YATRA
2025
31 October To 08 November
ਆਵਾਜ਼ਿ ਕੌਮ AWAZE QAUM International Newspaper & WEB TV
Hurry Book Your Seats Now
ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ਼੍ਰੀ ਪੰਜਾ ਸਾਹਿਬ, ਗੁਰਦੁਆਰਾ ਸ਼੍ਰੀ ਡੇਹਰਾ ਸਾਹਿਬ, ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ।
ਖ਼ਾਲਸਾ ਪੰਥ ਤੋਂ ਵਿਛੜੇ 25 ਤੋਂ ਵੱਧ ਗੁਰਧਾਮਾਂ ਦੀ ਇਤਿਹਾਸਕ ਯਾਤਰਾ।
ਨੋਟ - ਜੋ ਧਾਰਮਿਕ ਯਾਤਰਾ ਕਰਨ ਦੇ ਚਾਹਵਾਨ ਹਨ ਅਤੇ ਪੈਸੇ ਇਕੱਠੇ ਨਹੀਂ ਦੇ ਸਕਦੇ। ਉਹ ਸਾਨੂੰ ਪੈਸੇ ਕਿਸਤਾਂ ਰਾਹੀਂ ਵੀ ਅਦਾ ਕਰ ਸਕਦੇ ਹਨ।
ਕਿਸੇ ਵੀ ਤਰ੍ਹਾਂ ਦੀ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ -
ਸੁਲੱਖਣ ਸਿੰਘ ਇਟਲੀ +39 3471560734
Via, G.B.MORONI,11, GORLAGO BERGAMO. ITALY.




# 23 ਨਵੰਬਰ 2025 ਓਟਵਾ ਕੈਨੇਡਾ

## ਗੋਲੀ ਦਾ ਜੁਆਬ ਵੋਟਾਂ ਨਾਲ ਅਤੇ ਜਬਰ ਦਾ ਮੁਕਾਬਲਾ ਸਬਰ ਨਾਲ

**ਸਿੱਖ ਪੰਥ ਦੀ ਆਜ਼ਾਦੀ ਲਈ ਚਲ ਰਹੇ ਮੌਜੂਦਾ ਸੰਘਰਸ਼ ਵਿਚ ਖਾਲਿਸਤਾਨ ਰੈਫਰੰਡਮ ਦੀਆਂ ਵੋਟਾਂ ਦਾ ਅਗਲਾ ਪੜਾਅ ਓਟਵਾ ਕੈਨੇਡਾ ਵਿਖੇ 23 ਨਵੰਬਰ ਨੂੰ ਹੋ ਰਿਹਾ ਹੈ ਇਸ ਨੂੰ ਸਫਲ ਬਣਾਉਣ ਲਈ ਭਾਰੀ ਗਿਣਤੀ ਵਿਚ ਵੋਟਿੰਗ ਕਰਣ ਦੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV



ਜਾਰੀ ਕਰਤਾ

# ਜਸਕਰਨਪ੍ਰੀਤ ਸਿੰਘ

### ਹੜ੍ਹ ਪੀੜਤਾਂ ਲਈ ਆਰਥਿਕ ਸਹਾਇਤਾ ਤੇ

# ਸਮੱਗਰੀ ਨਿਰੰਤਰ ਵੰਡ ਰਹੇ ਹਾਂ : ਕਰਨੈਲ ਸਿੰਘ ਪੀਰ ਮੁਹੰਮਦ













ਦੀਵਾਲੀ ਦੇ ਪਵਿੱਤਰ ਮੌਕੇ 'ਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਕਰਤਾਰ ਆਸਰਾ ਟਰਸਟ ਵੱਲੋਂ ਮਿਲ ਕੇ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਦੇ ਹੜ ਪ੍ਰਭਾਵਿਤ ਪਰਿਵਾਰਾਂ ਵਿੱਚ ਰਾਹਤ ਸਮੱਗਰੀ ਵੰਡ ਕੀਤੀ ਗਈ। ਇਸ ਮੌਕੇ 'ਤੇ 15 ਪਰਿਵਾਰਾਂ ਨੂੰ ਆਰਥਿਕ ਸਹਾਇਤਾ ਦੇ ਤੌਰ 'ਤੇ 11000, 11,000 ਦਿੱਤੇ ਗਏ ਅਤੇ ਨਾਲ ਹੀ ਸਰਦੀ ਤੋਂ ਬਚਾਅ ਲਈ ਹੁਡੀਜ਼, ਸਵੈਟਰ, ਜੁੱਤੇ ਅਤੇ ਹੋਰ ਗਰਮ ਕੱਪੜੇ ਵੀ ਵੰਡੇ ਗਏ।ਇਹ ਜਾਣਕਾਰੀ ਦਿੰਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ "ਪਿਛਲੇ ਤਿੰਨ ਮਹੀਨਿਆਂ ਤੋਂ ਸਾਡੀ ਟੀਮ ਲਗਾਤਾਰ ਹੜ੍ਹਾਂ ਤੋਂ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਵਿੱਚ ਲੱਗੀ ਹੋਈ ਹੈ। ਇਸ ਦੀਵਾਲੀ ਅਸੀਂ ਇਨ੍ਹਾਂ ਪਰਿਵਾਰਾਂ ਦੀ ਜ਼ਿੰਦਗੀ ਵਿੱਚ ਆਸ ਤੇ ਰੌਸ਼ਨੀ ਦੀ ਇਕ ਨਵੀਂ ਕਿਰਨ ਲਿਆਉਣ ਦੀ ਕੋਸ਼ਿਸ਼ ਕਰ ਰਹੇ ਹਾਂ।" "ਇਸ ਸਾਲ ਪੰਜਾਬ ਨੇ ਕਈ ਮੁਸ਼ਕਲਾਂ ਦਾ ਸਾਹਮਣਾ ਕੀਤਾ ਹੈ। ਹੁਣ ਸਮਾਂ ਹੈ ਦੁਬਾਰਾ ਨਿਰਮਾਣ ਤੇ ਸਹਿਯੋਗ ਦਾ। ਅਸੀ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਅਸੀਂ ਆਪਣੇ ਪੱਧਰ 'ਤੇ ਜਿੰਨੇ ਹੋ ਸਕਣ ਹੜ ਪ੍ਰਭਾਵਿਤ ਪਰਿਵਾਰਾਂ ਤੱਕ ਮਦਦ ਪਹੁੰਚਾ ਸਕੀਏ। ਸਾਡੇ ਲਈ ਇਹ ਦੀਵਾਲੀ ਸਿਰਫ ਤਿਉਹਾਰ ਨਹੀਂ, ਸਗੋਂ ਇਨਸਾਨੀਅਤ ਲਈ ਉਮੀਦ ਬਨਣ ਦਾ ਮੌਕਾ ਹੈ। ਓਹਨਾ ਕਿਹਾ ਕਿ ਸ਼੍ਰੋਮਣੀ ਸੰਤ ਖਾਲਸਾ ਇੰਟਨੈਸ਼ਨਲ ਫਾਊਂਡੇਸ਼ਨ ਦੇ ਚੇਅਰਮੈਨ ਸੰਤ ਬਾਬਾ ਪ੍ਰਿਤਪਾਲ ਸਿੰਘ ਅਤੇ ਕਰਤਾਰ ਆਸਰਾ ਟਰੱਸਟ ਦੀ ਚੇਅਰਪਰਸਨ ਬੀਬਾ ਚਰਨਕਮਲ ਕੌਰ ਦੇ ਸਾਂਝੇ ਉਪਰਾਲੇ ਨਾਲ ਮੋਗਾ, ਫਿਰੋਜ਼ਪੁਰ, ਅੰਮ੍ਰਿਤਸਰ,ਗੁਰਦਾਸਪੁਰ,ਰੋਪਰ,ਕਪੂਰਥਲਾ,ਜਲੰਧਰ ਦੇ ਹੜ ਪ੍ਰਭਾਵਿਤ ਇਲਾਕਿਆਂ ਵਿਚ ਪਿਛਲੇ ਦੋ ਮਹੀਨਿਆਂ ਤੋਂ ਰਾਹਤ ਸਮਗਰੀ ਵੰਡੀ ਜਾ ਰਹੀ ਹੈ।

**ਬੰਦੀ ਛੋੜ ਦਿਵਸ ਅਤੇ ਦੀਵਾਲੀ ਦੇ ਮੌਕੇ 'ਤੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਵਿਚ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ , ਆਸ਼ਰੇ ਫਾਊਂਡੇਸ਼ਨ ਅਤੇ ਕਰਤਾਰ ਆਸਰਾ ਟਰਸਟ ਵੱਲੋਂ ਰਾਹਤ ਸਮੱਗਰੀ ਦੀ ਵੰਡ**

ਆਵਾਜ਼ਿ ਕੌਮ AWAZE QAUM
International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੋਲੀ ਦਾ ਜੁਆਬ ਵੋਟ ਨਾਲ ਦੇਣ ਲਈ 23 ਨਵੰਬਰ ਨੂੰ ਓਟਵਾ ਕੈਨੇਡਾ ਵਿਖੇ ਰੈਫਰੰਡਮ ਦੀਆਂ ਵੋਟਾਂ: ਜਸਕਰਨਪ੍ਰੀਤ ਸਿੰਘ



**ਨਵੀਂ ਦਿੱਲੀ 21 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਪੰਥ ਦੇ ਆਜ਼ਾਦ ਮੁੱਲਕ ਦੀ ਹੋਂਦ ਲਈ ਚਲ ਰਹੇ ਮੌਜੂਦਾ ਸੰਘਰਸ਼ ਦੌਰਾਨ ਸਿੱਖਸ ਫ਼ਾਰ ਜਸਟਿਸ ਵਲੋਂ ਗੋਲੀ ਦਾ ਜੁਆਬ ਵੋਟ ਨਾਲ ਦੇਣ ਵਾਸਤੇ ਮੁਹਿੰਮ ਆਰੰਭੀ ਹੋਈ ਹੈ।ਜਸਕਰਨਪ੍ਰੀਤ ਸਿੰਘ ਜੋ ਕਿ ਇਸੇ ਮੁਹਿੰਮ ਅੰਦਰ ਹਿੱਸਾ ਲੈ ਕੇ ਆਪਣੇ ਨਿੱਜੀ ਵਸੀਲਿਆ ਦੀ ਵਰਤੋਂ ਕਰਦਿਆਂ ਯੂਰੋਪ ਪਹੁੰਚੇ ਹੋਏ ਹਨ ਨੇ ਕਿਹਾ ਕਿ ਇਸ ਵਿਚ ਪੰਜਾਬ ਅੰਦਰ ਹਿੱਸਾ ਲੈਣ ਵਾਲੇ ਨੌਜੁਆਨਾਂ ਨੂੰ ਜੋ ਖਾਲਿਸਤਾਨ ਜਿੰਦਾਬਾਦ ਦੇ ਨਾਹਰੇ ਦੀਵਾਰਾਂ ਤੇ ਲਿਖਦੇ ਰਹਿੰਦੇ ਹਨ ਉਨ੍ਹਾਂ ਨੂੰ ਫੜ ਕੇ ਜੇਲ੍ਹਾਂ ਡੱਕ ਦਿੱਤਾ ਜਾਂਦਾ ਹੈ ਜਦਕਿ ਸਰਕਾਰ ਵਲੋਂ ਸੰਸਾਰ ਵਿਚ ਹਿੰਦੁਸਤਾਨ ਨੂੰ ਲੋਕਤੰਤਰਿਕ ਦੇਸ਼ ਦਸਣ ਦਾ ਢੰਡੋਰਾ ਪਿਟਿਆ ਜਾਂਦਾ ਹੈ ਤੇ ਹਕੀਕਤ ਇਸ ਤੋਂ ਉਲਟ ਹੈ ਕਿ ਇਥੇ ਘਟਗਿਣਤੀ ਨੂੰ ਬੋਲਣ ਲਿਖਣ ਦੀ ਇਜਾਜਤ ਬਿਲਕੁਲ ਨਹੀਂ ਹੈ, ਜੋ ਸਰਕਾਰਾਂ ਵਿਰੁੱਧ ਲਿਖ ਬੋਲ ਕੇ ਹਕਾਂ ਦੀ ਗੱਲ ਕਰਦਾ ਹੈ ਓਸਤੇ ਪਰਚਾ ਦਰਜ਼ ਕਰਕੇ ਜੇਲ੍ਹ ਡੱਕ ਦਿੱਤਾ ਜਾਂਦਾ ਹੈ ।ਉਨ੍ਹਾਂ ਕਿਹਾ ਕਿ ਗੌਰਮੈਂਟ ਦੀਆਂ ਕਾਲੀਆਂ ਕਰਤੂਤਾਂ ਜਿਹੜੇ ਕੇਸ ਉਸ ਨੇ ਦਰਜ ਕੀਤੇ ਸੀ, ਸਿੰਘਾਂ 'ਤੇ ਝੂਠੇ ਮਕੱਦਮੇ ਬਣਾਏ ਸਨ । ਉਹਨਾਂ ਵਿੱਚੋਂ ਗੁਰੂ ਸਾਹਿਬ ਦਾ ਓਟ ਆਸਰਾ ਤੱਕ ਕੇ, ਬਹੁਤ ਸਾਰੇ ਸਿੰਘ ਚੜ੍ਹਦੀ ਕਲਾ ਵਿੱਚ ਰਿਹਾਅ ਹੋ ਕੇ, ਬਰੀ ਹੋ ਕੇ ਆ ਰਹੇ ਹਨ, ਤੇ ਹੋਰ ਵੀਂ ਬਾਹਰ ਆ ਜਾਣਗੇ ਪਰ ਸਰਕਾਰ ਆਪਣੀ ਕਾਲੀਆਂ ਕਰਤੂਤ ਨੂੰ ਲੁਕਾਉਣ ਵਾਸਤੇ ਤੇ ਰੈਫਰੰਡਮ ਦੀ ਚੜ੍ਹਦੀ ਕਲਾ ਵੇਖ ਕੇ, ਇਸ ਨੂੰ ਦਾਗ. ਲਾਉਣ ਵਾਸਤੇ, ਕਲੰਕਤ ਕਰਨ ਵਾਸਤੇ, ਵਿਦੇਸ਼ਾਂ ਅੰਦਰ ਸਿੱਖਾਂ ਨੂੰ ਕਤਲ ਅਤੇ ਕਤਲ ਕਰਣ ਦੀਆਂ ਸਾਜ਼ਿਸ਼ਾ ਵਰਗੀ ਹੋਛੀਆਂ ਹਰਕਤਾਂ ਮੁੜ ਤੋਂ ਸ਼ੁਰੂ ਕਰ ਦਿੱਤੀ ਹੋਈ ਹੈ ਜਿਸਦਾ ਸਿੱਖ ਪੰਥ ਵਲੋਂ ਵੱਡੇ ਪੱਧਰ ਤੇ ਵਿਰੋਧ ਵੀਂ ਕੀਤਾ ਜਾ ਰਿਹਾ ਹੈ ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਰਵਾਈਆਂ ਸਾਡਾ ਹੌਂਸਲਾ ਨਹੀਂ ਤੋੜ ਸਕਦੀਆਂ ਹਨ ਤੇ ਅਸੀਂ ਦੂਣ ਸਵਾਏ ਹੋ ਕੇ ਜਬਰ ਦਾ ਮੁਕਾਬਲਾ ਸਬਰ ਨਾਲ ਕਰਾਂਗੇ ।ਉਨ੍ਹਾਂ ਕਿਹਾ ਐਸਐਫਜੇ ਵਲੋਂ ਆਣ ਵਾਲੀ 23 ਨਵੰਬਰ ਨੂੰ ਕੈਨੇਡਾ ਦੇ ਓਟਵਾ ਵਿਖ਼ੇ ਖਾਲਿਸਤਾਨ ਰੈਫਰੰਡਮ ਦੀਆਂ ਵੋਟਾਂ ਦਾ ਅਗਲਾ ਪੜਾਅ ਹੈ ਜਿਸ ਲਈ ਓਥੇ ਦੀ ਸੰਗਤ ਵਿਚ ਵੱਡਾ ਉਤਸ਼ਾਹ ਹੈ ਤੇ ਸਾਡੀ ਅਪੀਲ ਹੈ ਕਿ ਵੋਟਿੰਗ ਅੰਦਰ ਵੱਧ ਚੜ੍ਹ ਕੇ ਹਿੱਸਾ ਲੈਂਦਿਆਂ ਨਵਾਂ ਰਿਕਾਰਡ ਕਾਇਮ ਕੀਤਾ ਜਾਏ ਜਿਸ ਨਾਲ ਹਿੰਦ ਸਰਕਾਰ ਦੇ ਨਾਲ ਵਿਦੇਸ਼ੀ ਸਰਕਾਰਾਂ ਨੂੰ ਵੀਂ ਪਤਾ ਲਗ ਜਾਏ ਕਿ ਸਿੱਖ ਆਪਣਾ ਆਜ਼ਾਦ ਮੁੱਲਕ ਬਣਾਉਣ ਲਈ ਬਜਿਦ ਹਨ ।

ਆਵਾਜ਼ਿ ਕੌਮ AWAZE QAUM
International Newspaper & WEB TV

## ਪੰਥ ਦਾ ਦਾਸ



ਜਦ ਪਹਿਲੀ ਹੋਸ਼ ਸੰਭਾਲੀ ਮੈਂ,
ਕੁਝ ਬਾਤਾਂ ਬਾਪੂ ਦੱਸੀਆਂ ਸੀ,
ਇੱਕ ਦਿਨ ਫੌਜਾਂ ਚੜ੍ਹ ਹਰਮੰਦਿਰ ਨੂੰ
ਟੈਂਕਾਂ ਤੇ ਤੋਪਾਂ ਕੱਸੀਆਂ ਸੀ,

ਉਨ੍ਹਾਂ ਰੱਜ ਕੇ ਕਹਿਰ ਕਮਾਇਆ
ਸਾਡੇ ਪੰਥ ਨੂੰ ਲਾਂਬੂ ਲਾਇਆ ਸੀ,
ਸਾਡਾ ਉੱਚਾ-ਸੁੱਚਾ ਸ਼੍ਰੀ ਅਕਾਲ ਤਖਤ
ਜ਼ਾਲਮਾਂ ਗੋਲਿਆਂ ਨਾਲ ਢਹਾਇਆ ਸੀ

ਇਹ ਸੁਣ ਕੇ ਦਰਦ ਕਹਾਣੀ ਮੈਂ
ਮੁੜਕੇ ਰਾਹ ਉਸੇ ਨੂੰ ਪੈ ਗਿਆ ਸੀ,
ਕੌਮ ਦੀ ਸੇਵਾ ਕਰਨ ਦੀ ਖਾਤਿਰ
ਮੈਂ ਸੱਚੇ ਦਰ ਤੇ ਢਹਿ ਪਿਆ ਸੀ,

ਦਿੱਲੀ ਤੱਖਤ ਕਿਸਾਨਾਂ ਉੱਤੇ
ਕਾਲੇ ਕਾਨੂੰਨ ਜਦ ਲਗਾਏ ਸੀ
ਵਿੱਚ ਮੋਰਚੇ ਭਰੀ ਹਾਜ਼ਰੀ ਮੈਂ
ਮੋਦੀ ਸ਼ਾਹ ਵੰਗਾਰੇ ਸੀ,

ਇੱਕ ਚਿਹਰਾ ਪ੍ਰਦੇਸ਼ ਤੋਂ ਆਇਆ
ਮੈਂ ਉਹਦਾ ਸਾਥ ਦਿੱਤਾ ਸੀ
ਖਾਲਸਾ ਵਹੀਰ ਦੇ ਨਾਮ ਉੱਤੇ
ਮੈਂ ਪੂਰਾ ਪ੍ਰਚਾਰ ਕੀਤਾ ਸੀ,

ਹਰ ਇੱਕ ਨੂੰ ਗੱਲ ਨਾਲ ਲਾ ਲਿਆ
ਮੇਰਾ ਗੁਨਾਹ ਸਿਰਫ ਐਨਾ ਸੀ,
ਪਰ ਸੱਚ ਸੁਣੇ ਬਿਨ ਅਪਣਇਆ ਨੇ
ਮੈਨੂੰ ਗੱਦਾਰ ਬਣਾ ਦਿੱਤਾ ਸੀ,

ਸਾਰੇ ਪਾਸੇ ਹਾਹਾਕਾਰ ਮੱਚ ਗਈ
ਇੱਕੀ-ਦੁੱਕੀ ਵੀ ਗੱਦਾਰ ਦੱਸ ਗਈ,
ਹੁਣ ਓਟ ਸੱਚੇ ਕਰਤਾਰ ਉੱਤੇ
ਜੋ ਸੱਚ ਦੀਆਂ ਸੱਚ ਨਬੇੜੇਗਾ,
ਨਈ ਤਾਂ ਦੂਜਿਆਂ ਵਾਂਗਰ
ਮੇਰਾ ਅੰਤ ਗਵਾਹੀ ਭਰੂਗਾ,

ਜਦ ਤੁਰਿਆ ਦੀਪ ਦੇ ਰਾਹੇ ਮੈਂ
ਸਭ ਪਤਾ ਸੀ ਪੰਧ ਨਿਭਾਉਣਾ ਪਊ
ਕੀ ਫਾਇਦਾ ਸਮਾਂ ਜੇ ਸਾਂਭਿਆਂ ਨਾ
ਪਛਤਾ ਕੇ ਮਗਰੋਂ ਰੋਣਾ ਪਊ

ਹੁਣ ਲੱਗਦਾ ਟੈਗ ਗੱਦਾਰੀ ਦਾ
ਮੈਨੂੰ ਖੂਨ ਡੋਲ ਕੇ ਧੋਣਾ ਪਊ
ਹੁਣ ਲੱਗਦਾ ਟੈਗ ਗੱਦਾਰੀ ਦਾ
ਮੈਨੂੰ ਖੂਨ ਡੋਲ ਕੇ ਧੋਣਾ ਪਊ

**ਪੰਥ ਦਾ ਨਿਮਾਣਾ ਦਾਸ**
**ਲਵਪ੍ਰੀਤ ਸਿੰਘ ਤੂਫਾਨ**

## 18ਵੀਂ ਸਦੀ ਦਾ ਸਿਦਕੀ ਸਿੱਖ ਯੋਧਾ, ਬੁੱਢਾ ਦਲ ਦਾ ਮੁਖੀ

# ਸੁਲਤਾਨਉੱਲ ਕੌਮ ਬਾਬਾ ਜੱਸਾ ਸਿੰਘ ਆਹਲੂਵਾਲੀਆ

### ਬਰਸੀ 'ਤੇ ਵਿਸ਼ੇਸ਼

**ਸਰਬੰਸਦਾਨੀ** ਪਿਤਾ, ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਮਹਿਲ ਮਾਤਾ ਸੁੰਦਰ ਕੌਰ ਜੀ ਹੱਥੀਂ ਪ੍ਰਵਾਨ ਚੜ੍ਹੇ, ਬੁੱਢਾ ਦਲ ਦੇ ਮੁਖੀ ਅਤੇ ਦਲ ਖ਼ਾਲਸਾ ਦੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਯੁੱਧਵੀਰ ਅਤੇ ਧਰਮਵੀਰ ਵਜੋਂ ਸਿੱਖ ਇਤਿਹਾਸ ਵਿੱਚ ਵੱਡਾ ਮਾਣ ਪ੍ਰਾਪਤ ਹੋਇਆ ਹੈ । ਬਾਬਾ ਜੱਸਾ ਸਿੰਘ ਦੀ ਅਗਵਾਈ ਵਿੱਚ ਬਾਬਾ ਬਘੇਲ ਸਿੰਘ ਨੇ ਜਦੋਂ ਦਿੱਲੀ ਵਿਖੇ ਲਾਲ ਕਿਲ੍ਹਾ ਫ਼ਤਹਿ ਕੀਤਾ, ਤਾਂ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਸਿੱਖ ਕੌਮ ਵੱਲੋਂ ਸੁਲਤਾਨਉੱਲ ਕੌਮ ਵਜੋਂ ਨਿਵਾਜਿਆ ਗਿਆ । ਦਸਮ ਪਾਤਸ਼ਾਹ ਜੀ ਦੇ ਜੋਤੀ-ਜੋਤਿ ਸਮਾਉਣ ਤੋਂ ਤਕਰੀਬਨ ਦੱਸ ਸਾਲ ਬਾਅਦ ਇਸ ਜਰਨੈਲ ਦਾ ਜਨਮ ਲਾਹੌਰ ਦੇ ਨੇੜੇ ਪਿੰਡ ਆਹਲੂ ਵਿਖੇ ਸ। ਬਦਰ ਸਿੰਘ ਦੇ ਗ੍ਰਹਿ ਵਿਖੇ 1718 ਈ: ਵਿੱਚ ਹੋਇਆ । ਬਾਬਾ ਜੱਸਾ ਸਿੰਘ ਅਜੇ ਪੰਜ ਸਾਲ ਦੇ ਹੀ ਸਨ ਕਿ ਪਿਤਾ ਜੀ ਅਕਾਲ ਚਲਾਣਾ ਕਰ ਗਏ। ਇਨ੍ਹਾਂ ਦੀ ਸਿੱਖ ਧਰਮ ਅਤੇ ਗੁਰੂ ਘਰ ਨਾਲ ਸ਼ਰਧਾ ਰੱਖਣ ਵਾਲੀ ਧਰਮੀ ਮਾਂ ਨੂੰ ਆਪਣੇ ਸਕੇ ਭਾਈ ਸ। ਭਾਗ ਸਿੰਘ ਦੀ ਸਹਾਇਤਾ ਨਾਲ ਆਪਣੇ ਬੱਚੇ ਸ। ਜੱਸਾ ਸਿੰਘ ਨੂੰ ਬਚਪਨ ਵਿੱਚ ਹੀ ਦਿੱਲੀ ਵਿਖੇ ਮਾਤਾ ਸੁੰਦਰ ਕੌਰ ਦੀ ਸੇਵਾ ਵਿੱਚ ਭੇਜ ਦਿੱਤਾ । ਸਿੱਖ ਇਤਿਹਾਸ ਦੇ ਪੰਨੇ ਇਸ ਗੱਲ ਦੀ ਗਵਾਹੀ ਭਰਦੇ ਹਨ ਕਿ ਬਾਬਾ ਜੱਸਾ ਸਿੰਘ ਦੀ ਸਾਂਭ ਸੰਭਾਲ ਅਤੇ ਪਾਲਣ-ਪੋਸ਼ਣ ਮਾਤਾ ਸੁੰਦਰ ਕੌਰ ਜੀ ਨੇ ਆਪਣੇ ਪੁੱਤਰਾਂ ਵਾਂਗ ਹੀ ਕੀਤਾ । ਉਸ ਸਮੇਂ ਦੀ ਦੁਨਿਆਵੀ ਵਿੱਦਿਆ ਅਰਬੀ-ਫਾਰਸੀ ਅਤੇ ਸ਼ਸਤਰ ਚਲਾਉਣ ਦੀ ਮੁਹਾਰਤ ਸ। ਜੱਸਾ ਸਿੰਘ ਨੇ ਮਾਤਾ ਜੀ ਦੀ ਅਗਵਾਈ ਵਿੱਚ ਪ੍ਰਾਪਤ ਕੀਤੀ । ਇਨ੍ਹਾਂ ਨੇ ਤਕਰੀਬਨ ਸੱਤ ਸਾਲ ਦਾ ਸਮਾਂ ਦਿੱਲੀ ਵਿੱਚ ਹੀ ਬਿਤਾਇਆ । ਇਸ ਦੌਰਾਨ ਬਾਬਾ ਜੱਸਾ ਸਿੰਘ ਨੇ ਉਸ ਸਮੇਂ ਦੇ ਮੁਖੀ ਸਿੱਖਾਂ ਵਿੱਚ ਚੰਗੀ ਜਾਣ-ਪਛਾਣ ਬਣਾਈ । ਜਦੋਂ ਮਾਤਾ ਜੀ ਤੋਂ ਵਿਦਾਇਗੀ ਪ੍ਰਾਪਤ ਕੀਤੀ, ਉਸ ਵਕਤ ਮਾਤਾ ਜੀ ਨੇ ਬਾਬਾ ਜੱਸਾ ਸਿੰਘ ਦੇ ਕਰਮ ਯੋਗੀ ਤੇ ਧਰਮੀ ਜੀਵਨ ਭਾਂਪਦਿਆਂ ਭਵਿੱਖ ਵਿੱਚ ਸਿੱਖ ਜਗਤ ਦੀ ਯੋਗ ਅਗਵਾਈ ਕਰਨ ਲਈ ਇਸ ਸਿਦਕੀ ਸਿੱਖ ਯੋਧੇ ਨੂੰ ਇਕ ਕ੍ਰਿਪਾਨ, ਇਕ ਗੁਰਜ, ਇਕ ਢਾਲ, ਇਕ ਕਮਾਨ, ਇਕ ਤੀਰਾਂ ਦਾ ਭੱਥਾ, ਇਕ ਖਿਲਅਤ ਅਤੇ ਇਕ ਚਾਂਦੀ ਦੀ ਚੌਬ ਬਖ਼ਿਸ਼ਸ਼ ਵਜੋਂ ਦੇ ਕੇ ਨਿਵਾਜਿਆ ਗਿਆ । ਜਦੋਂ ਬਾਬਾ ਜੱਸਾ ਸਿੰਘ ਪੰਜਾਬ ਪੁੱਜੇ, ਆਉਂਦਿਆਂ ਹੀ ਸੇਵਾ ਸਿਮਰਨ ਦੇ ਮੁਜੱਸਮੇ ਮਹਾਨ ਜਰਨੈਲ ਨਵਾਬ ਕਪੂਰ ਸਿੰਘ ਦੇ ਜਥੇ ਵਿੱਚ ਸ਼ਾਮਿਲ ਹੋ ਗਏ ।

ਆਪਣੀ ਦਲੇਰੀ, ਸੁਭਾਅ ਅਤੇ ਤੀਖਣ ਬੁੱਧੀ ਵਰਗੇ ਗੁਣਾਂ ਸਦਕਾ ਨਵਾਬ ਕਪੂਰ ਸਿੰਘ ਵਰਗੇ ਜਰਨੈਲ ਦੀ ਨੇੜਤਾ ਹਾਸਲ ਕਰ ਲਈ । ਨਵਾਬ ਕਪੂਰ ਸਿੰਘ ਨੇ ਵੀ ਇਨ੍ਹਾਂ ਨੂੰ ਪੁੱਤਰਾਂ ਵਾਂਗ ਪਾਲਿਆ । 1748 ਈ: ਵਿੱਚ ਨਵਾਬ ਕਪੂਰ ਸਿੰਘ ਦੀ ਬਹਾਦਰ ਸਿੱਖ ਸੈਨਾ ਦੇ ਬਹਾਦਰ ਸੂਰਬੀਰਾਂ ਨੇ ਬਾਬਾ ਜੱਸਾ ਸਿੰਘ ਨਾਲ ਮਿਲ ਕੇ ਅਹਿਮਦ ਸ਼ਾਹ ਅਬਦਾਲੀ ਦੇ ਵੱਡੇ ਲਸ਼ਕਰ ਨੂੰ ਨੂਰ ਦੀਨ ਦੀ ਸਰਾਂ ਅਤੇ ਵੈਰੋਵਾਲ ਨੇੜੇ ਘੇਰ ਕੇ ਗੁਰੀਲੇ ਢੰਗ ਦੇ ਹਮਲੇ ਕਰਕੇ ਭਾਜੜਾਂ ਪਾ ਦਿੱਤੀਆਂ । ਅੰਮ੍ਰਿਤਸਰ ਦੇ ਮੁਗਲ ਹਾਕਮ ਸਲਾਬਤ ਖ਼ਾਨ ਨੂੰ ਹਰਾ ਕੇ ਵੱਖ-ਵੱਖ ਜਥਿਆਂ ਵਿੱਚ ਵੰਡੇ ਸਿੱਖਾਂ ਦੀ ਨਜ਼ਰ ਵਿੱਚ ਇਕ ਸੁਲਝੇ ਹੋਏ ਸਿੱਖ ਜਰਨੈਲ ਵਜੋਂ ਸਤਿਕਾਰ ਪ੍ਰਾਪਤ ਕੀਤਾ । ਇਸ ਸਾਲ ਨਵਾਬ ਕਪੂਰ ਸਿੰਘ ਨਾਲ ਮਿਲ ਕੇ ਵਿਸਾਖੀ ਦੇ ਪਾਵਨ ਅਵਸਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਸਰਬੱਤ ਖ਼ਾਲਸੇ ਦੇ ਜੁੜੇ ਇਕੱਠ ਵਿੱਚ ਸਿੱਖਾਂ ਦੇ 65 ਜਥਿਆਂ ਨੂੰ ਇਕੱਠੇ ਕਰਕੇ 11 ਮਿਸਲਾਂ (12ਵੀਂ ਮਿਸਲ ਫੂਲਕੀਆ ਤੋਂ ਬਿਨਾਂ) ਵਿੱਚ ਵੰਡ ਕੇ ਦਲ ਖ਼ਾਲਸਾ ਦੀ ਸਥਾਪਨਾ ਕੀਤੀ । ਦਲ ਖ਼ਾਲਸਾ ਦੇ ਪਹਿਲੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਥਾਪਿਆ ਗਿਆ । ਇਸ ਤੋਂ ਇਲਾਵਾ ਆਪ ਆਹਲੂਵਾਲੀਆ ਮਿਸਲ ਦੇ ਸੰਸਥਾਪਕ ਵੀ ਸਨ । 7 ਅਕਤੂਬਰ 1753 ਈ: ਨੂੰ ਨਵਾਬ ਕਪੂਰ ਸਿੰਘ ਦੇ ਅਕਾਲ ਚਲਾਣੇ ਤੋਂ ਪਿੱਛੋਂ ਬਾਬਾ ਜੱਸਾ ਸਿੰਘ ਸਿੱਖ ਕੌਮ ਦੀ ਸੈਨਿਕ ਸ਼ਕਤੀ ਅਤੇ ਦਲ-ਪੰਥ ਬੁੱਢਾ ਦਲ ਦੇ ਮੁਖੀ ਵਜੋਂ ਸ਼੍ਰੋਮਣੀ ਜਰਨੈਲ ਬਣੇ । ਇਸ



ਤੋਂ ਇਕ ਮਹੀਨੇ ਬਾਅਦ ਲਾਹੌਰ ਦੇ ਸੂਬੇਦਾਰ ਮੀਰ ਮੰਨੂ ਦੀ ਮੌਤ ਤੋਂ ਪਿੱਛੋਂ ਇਨ੍ਹਾਂ ਮੱਧ ਪੰਜਾਬ ਵਿੱਚ ਆਪਣਾ ਦਬਦਬਾ ਕਾਇਮ ਕਰ ਲਿਆ । ਪਰਜਾ ਤੋਂ ਟੈਕਸ ਵਸੂਲੀ ਸ਼ੁਰੂ ਕਰ ਦਿੱਤੀ, ਇਸ ਲਗਾਨ ਵਿੱਚ ਪਰਜਾ ਦੀ ਰੱਖਿਆ ਲਈ ਟੈਕਸ ਅਤੇ ਨਜ਼ਰਾਨਾ ਸ਼ਾਮਿਲ ਸਨ ।

ਬਾਬਾ ਜੱਸਾ ਸਿੰਘ ਆਹਲੂਵਾਲੀਆ ਦੇ ਇਨ੍ਹਾਂ ਯਤਨਾਂ ਨਾਲ ਸਿੱਖ ਕੌਮ ਦੀ ਆਰਥਿਕ ਦਸ਼ਾ ਵਿੱਚ ਸੁਧਾਰ ਹੋਇਆ । 1757 ਈ: ਵਿੱਚ ਅਹਿਮਦ ਸ਼ਾਹ ਦੁਰਾਨੀ ਵੱਲੋਂ ਲਾਹੌਰ ਦੇ ਸੂਬੇਦਾਰ ਤੈਮੂਰ ਦੀ ਫੌਜ ਉੱਤੇ ਹਮਲਾ ਕਰਕੇ ਕਰਤਾਰਪੁਰ ਤੋਂ ਲੁੱਟ ਦਾ ਸਮਾਨ ਲੈ ਕੇ ਜਾਂਦੇ ਨੂੰ ਘੇਰ ਕੇ ਸਾਰਾ ਕੀਮਤੀ ਸਮਾਨ ਧਨ-ਦੌਲਤ ਖੋਹ ਲਿਆ, ਹੁਣ ਜਦੋਂ ਦੁਰਾਨੀ ਮੁੜ ਹਿੰਦੁਸਤਾਨ 'ਤੇ ਪੰਜਵਾਂ ਹਮਲਾ ਕਰਕੇ 1761 ਈ: ਵਿੱਚ ਮਰਹੱਟਿਆਂ ਨੂੰ ਹਰਾ ਕੇ ਵਾਪਸ ਅੰਮ੍ਰਿਤਸਰ ਦੇ ਕੋਲੋਂ ਲੰਘ ਰਿਹਾ ਸੀ ਤਾਂ ਦੁਰਾਨੀਆਂ ਦੀ ਫੌਜ ਉੱਪਰ ਬਾਬਾ ਜੱਸਾ ਸਿੰਘ ਨੇ ਭਾਰੀ ਸਿੱਖ ਲਸ਼ਕਰ ਨਾਲ ਹਮਲਾ ਕਰਕੇ 2200 ਜਵਾਨ ਲੜਕੀਆਂ ਅਤੇ ਔਰਤਾਂ ਜੋ ਉਹ ਹਿੰਦੁਸਤਾਨ ਤੋਂ ਲਿਜਾ ਰਿਹਾ ਸੀ, ਨੂੰ ਛੁਡਵਾ ਕੇ ਘਰੋ-ਘਰ ਪਹੁੰਚਾਇਆ । 1761 ਈ: ਵਿੱਚ ਹੀ ਸ਼ੁਕਰਚਕੀਆ, ਕਨ੍ਹਈਆ ਅਤੇ ਭੰਗੀ ਮਿਸਲਾਂ ਦੇ ਸਿੱਖ ਸੂਰਬੀਰਾਂ ਨੂੰ ਲਾਹੌਰ ਦੇ ਅਫ਼ਗਾਨ ਸੂਬੇਦਾਰ ਖਵਾਜ਼ਾ ਉਬੇਦ ਖਾਨ ਨੂੰ ਗੁਜਰਾਂਵਾਲੇ ਨੇੜੇ ਲੱਕ-ਤੋੜਵੀਂ ਹਾਰ ਦੇ ਕੇ ਲਾਹੌਰ ਤੱਕ ਉਸ ਦਾ ਪਿੱਛਾ ਕੀਤਾ ਅਤੇ ਕਿਲ੍ਹੇ ਉੱਤੇ ਕਬਜ਼ਾ ਕਰ ਲਿਆ । ਇਸ ਤੋਂ ਬਾਅਦ ਬਾਬਾ ਜੱਸਾ ਸਿੰਘ ਲਗਾਤਾਰ ਫਤਹਿ ਪ੍ਰਾਪਤ ਕੀਤੀ ।


-ਭਗਵਾਨ ਸਿੰਘ ਜੌਹਲ

bhagwansinghjohal@gmail.com

ਮੋਬਾਈਲ : 98143-24040




ਇਸ ਤੋਂ ਪਿੱਛੋਂ ਜਦੋਂ ਦੁਰਾਨੀ ਨੇ 1762 ਈ: ਵਿੱਚ ਜਦੋਂ ਵੱਡੀ ਫੌਜੀ ਤਾਕਤ ਨਾਲ ਹਿੰਦੁਸਤਾਨ 'ਤੇ ਹਮਲਾ ਕੀਤਾ । ਉਸ ਸਮੇਂ ਦਲ ਖ਼ਾਲਸਾ ਦੇ ਸਰਦਾਰ ਆਪਣੀ ਸੈਨਿਕ ਸ਼ਕਤੀ ਅਤੇ ਪਰਿਵਾਰਾਂ ਸਮੇਤ ਮਾਲੇਰਕੋਟਲਾ ਨੇੜੇ ਕੁੱਪ-ਰਹੀੜਾ ਦੇ ਆਸ-ਪਾਸ ਠਹਿਰੇ ਹੋਏ ਸਨ । ਦੁਰਾਨੀ ਨੇ ਵੱਡੀ ਫੌਜੀ ਤਾਕਤ ਨਾਲ ਲਾਹੌਰ ਤੋਂ ਲਗਪਗ 36 ਘੰਟਿਆਂ ਵਿੱਚ ਢਾਈ ਸੌ ਕਿਲੋਮੀਟਰ ਦਾ ਸਫਰ ਤੈਅ ਕਰਕੇ ਸਿੱਖਾਂ ਉੱਤੇ ਹਮਲਾ ਕੀਤਾ । ਆਪਣੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਅਗਵਾਈ ਵਿੱਚ ਸਿੰਘ ਜਾਨ-ਹੂਲ ਕੇ ਲੜਦੇ-ਲੜਦੇ ਆਪਣੇ ਪਰਿਵਾਰਾਂ ਨੂੰ ਬਰਨਾਲੇ ਵੱਲ ਲੈ ਜਾ ਸਕੇ ਸਨ । ਦੁਰਾਨੀ ਨੇ ਇਸ ਹਮਲੇ ਦੌਰਾਨ 21,000 ਤੋਂ 35,000 ਲਗਪਗ ਸਿੰਘਾਂ, ਔਰਤਾਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਸ਼ਹੀਦ ਕੀਤਾ । ਇਸ ਘਟਨਾ ਨੂੰ ਸਿੱਖ ਇਤਿਹਾਸ ਵਿੱਚ ਵੱਡੇ ਘੱਲੂਘਾਰੇ ਵਜੋਂ ਯਾਦ ਕੀਤਾ ਜਾਂਦਾ ਹੈ । ਅੱਜ ਕੱਲ੍ਹ ਇਸ ਅਸਥਾਨ 'ਤੇ ਵੱਡੇ ਘੱਲੂਘਾਰੇ ਦੀ ਯਾਦ ਵਿੱਚ ਯਾਦਗਾਰੀ ਇਮਾਰਤ ਦੀ ਉਸਾਰੀ ਕੀਤੀ ਗਈ ਹੈ । ਇਤਿਹਾਸ ਮੁਤਾਬਿਕ ਇਸ ਘੱਲੂਘਾਰੇ ਦੌਰਾਨ ਬਾਬਾ ਜੱਸਾ ਸਿੰਘ ਦੇ ਸਰੀਰ ਉੱਤੇ 22 ਵੱਡੇ ਫੱਟ ਲੱਗੇ ਸਨ । ਇਸ ਤੋਂ ਪਿੱਛੋਂ ਦੁਰਾਨੀ (ਅਹਿਮਦਸ਼ਾਹ ਅਬਦਾਲੀ) ਨੇ ਵਾਪਸ ਮੁੜਦਿਆਂ ਅੰਮ੍ਰਿਤਸਰ ਸ਼ਹਿਰ ਉੱਤੇ ਹਮਲਾ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਬਾਰੂਦ ਨਾਲ ਉਡਾ ਦਿੱਤਾ । ਬਾਬਾ ਜੱਸਾ ਸਿੰਘ ਨੇ ਸਿਆਣਪ ਅਤੇ ਮੁਖੀ ਸਿੱਖ ਆਗੂ ਵਜੋਂ ਦਲ ਖ਼ਾਲਸਾ ਮੁੜ ਸੁਰਜੀਤ ਕੀਤਾ ਅਤੇ ਵੱਡੇ ਘੱਲੂਘਾਰੇ ਤੋਂ ਦੋ ਸਾਲ ਬਾਅਦ 1764 ਈ: ਵਿੱਚ ਸਰਹੰਦ ਉੱਤੇ ਹਮਲਾ ਕਰਕੇ ਅਫ਼ਗਾਨ ਫੌਜਦਾਰ ਜੈਨ ਖਾਂ ਨੂੰ ਮਾਰ ਕੇ ਸਾਰਾ ਸ਼ਹਿਰ ਨੇਸਤੋ ਨਾਬੂਦ ਕਰ ਦਿੱਤਾ ।

ਹੁਣ ਬਾਬਾ ਜੱਸਾ ਸਿੰਘ ਦੀ ਅਗਵਾਈ ਵਿੱਚ ਦਲ ਖ਼ਾਲਸਾ ਨੇ ਜਮਨਾ ਪਾਰ ਦੇ ਇਲਾਕਿਆਂ ਉੱਤੇ ਸਖ਼ਤ ਹਮਲੇ ਕਰਕੇ ਦਿੱਲੀ ਤੱਕ ਮੁੜ ਸਿੱਖ ਸ਼ਕਤੀ ਦੀ ਧਾਂਕ ਜਮਾਈ । ਜਦੋਂ ਮੁੜ ਦੁਰਾਨੀ 1765 ਈ: ਵਿੱਚ ਹਿੰਦੁਸਤਾਨ 'ਤੇ ਚੜ੍ਹਕੇ ਆਇਆ, ਤਾਂ ਉਹ ਸਿੱਖ ਸ਼ਕਤੀ ਤੋਂ ਘਬਰਾਉਂਦਾ ਸੀ, ਉਸ ਨੇ ਸਿੱਖਾਂ ਨਾਲ ਸਮਝੌਤਾ ਕਰਕੇ ਸ਼ਾਂਤੀ ਕਾਇਮ ਕਰਨ ਦਾ ਯਤਨ ਕੀਤਾ, ਪਰ ਮਹਾਨ ਜਰਨੈਲ ਬਾਬਾ ਜੱਸਾ ਸਿੰਘ ਨੇ ਉਸ ਦੀ ਇਸ ਸਲਾਹ ਨੂੰ ਪੂਰੀ ਤਰ੍ਹਾਂ ਠੁਕਰਾ ਦਿੱਤਾ । ਬਾਬਾ ਜੱਸਾ ਸਿੰਘ ਨੇ ਦੁਆਬੇ ਦਾ ਬਹੁਤ ਸਾਰਾ ਇਲਾਕਾ ਫ਼ਤਹਿ ਕਰਕੇ 1774 ਈ: ਵਿੱਚ ਕਪੂਰਥਲਾ ਨੂੰ ਰਾਜਧਾਨੀ ਬਣਾ ਕੇ ਰਿਆਸਤ ਕਾਇਮ ਕੀਤੀ । 1779 ਈ: ਵਿੱਚ ਦਿੱਲੀ ਦੇ ਸੂਬੇਦਾਰ ਅਬਦੁਲ ਅਹਿਮਦ ਖਾਨ ਨੇ ਪਟਿਆਲੇ ਦੇ ਰਾਜੇ ਸ। ਅਮਰ ਸਿੰਘ ਉਤੇ ਹਮਲਾ ਕੀਤਾ ਤਾਂ ਬਾਬਾ ਜੱਸਾ ਸਿੰਘ ਫੌਜ ਸਮੇਤ ਸ। ਅਮਰ ਸਿੰਘ ਦੀ ਸਹਾਇਤਾ ਲਈ ਆਇਆ । ਮੁਗਲ ਫੌਜਾਂ ਨੂੰ ਪਟਿਆਲੇ ਤੋਂ ਵਾਪਸ ਭੇਜ ਕੇ 7 ਲੱਖ ਹਰਜਾਨੇ ਵਜੋਂ ਪ੍ਰਾਪਤ ਕੀਤੇ । ਬਾਬਾ ਜੱਸਾ ਸਿੰਘ ਨੇ ਪੂਰੇ ਉੱਤਰੀ ਭਾਰਤ ਵਿੱਚ ਇਕ ਬਹਾਦਰ, ਅਣਖੀ ਅਤੇ ਦਲੇਰ ਜਰਨੈਲ ਵਜੋਂ ਮੁਗਲ ਅਤੇ ਅਫ਼ਗਾਨ ਸ਼ਕਤੀ ਨੂੰ ਵੰਗਾਰ ਕੇ ਸਿੱਖਾਂ ਦੀ ਅਜ਼ਾਦ ਹੋਂਦ ਨੂੰ ਕਾਇਮ ਕੀਤਾ । ਦਿੱਲੀ ਦੇ ਲਾਲ ਕਿਲ੍ਹੇ ਉੱਪਰ ਕੇਸਰੀ ਪਰਚੰਮ ਲਹਿਰਾਇਆ । 18ਵੀਂ ਸਦੀ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਤੋਂ ਬਾਅਦ ਜੇ ਕਿਸੇ ਸਿੱਖ ਜਰਨੈਲ ਨੂੰ ਸੁਨਹਿਰੀ ਹਰਫਾਂ ਵਿੱਚ ਯਾਦ ਕੀਤਾ ਜਾਂਦਾ ਹੈ, ਤਾਂ ਇਹ ਮਾਣ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਮਿਲਦਾ ਹੈ । ਜਦੋਂ ਪੰਜ ਪਿਆਰਿਆਂ ਵਿੱਚ ਅੰਮ੍ਰਿਤ ਛਕਾਉਣ ਲਈ ਬਾਬਾ ਜੱਸਾ ਸਿੰਘ ਸ਼ਾਮਿਲ ਹੁੰਦੇ ਸਨ ਤਾਂ ਵਹੀਰਾਂ ਘੱਤ ਕੇ ਸੰਗਤ ਅੰਮ੍ਰਿਤਪਾਨ ਕਰਦੀ ਸੀ । ਪਟਿਆਲੇ ਦੇ ਰਾਜੇ ਅਮਰ ਸਿੰਘ ਨੇ ਇਨ੍ਹਾਂ ਦੇ ਹੱਥੋਂ ਖੰਡੇ ਦੀ ਪਾਹੁਲ ਲਈ ਸੀ ।

ਇਹ ਮਹਾਨ ਜਰਨੈਲ 20 ਅਕਤੂਬਰ 1783 ਈ: ਵਿੱਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਿਆ । ਉਸ ਸਮੇਂ ਦੇ ਮੁਖੀ ਸਿੱਖਾਂ ਨੇ ਇਨ੍ਹਾਂ ਦੀ ਸਮਾਧ ਗੁ: ਬਾਬਾ ਅਟੱਲ ਰਾਇ ਦੇ ਨਜ਼ਦੀਕ ਅੰਮ੍ਰਿਤਸਰ ਵਿਖੇ ਬਣਵਾਈ । ਬਾਬਾ ਜੱਸਾ ਸਿੰਘ ਦੀ ਯਾਦ ਬੁੱਢਾ ਦਲ ਦੇ ਮੌਜੂਦਾ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਹਰ ਸਾਲ ਮਨਾਈ ਜਾਂਦੀ ਹੈ । ਇਸ ਮਹਾਨ ਜਰਨੈਲ ਨੂੰ ਸਾਡਾ ਪ੍ਰਣਾਮ। ••

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸਜਾਏ ਗਏ ਕੀਰਤਨ ਦਰਬਾਰ: ਪਰਮਜੀਤ ਸਿੰਘ ਵੀਰਜੀ

# ਦਿੱਲੀ ਕਮੇਟੀ ਚੋਣਾਂ ਲਈ ਨਵੀਂ ਵੋਟ ਬਣਵਾਣ ਦੀ ਤਰੀਕ 15 ਨਵੰਬਰ ਤਕ ਵਧੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ

**ਨਵੀਂ ਦਿੱਲੀ 21 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਪੰਥ ਦੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਭਾਈ ਦਿਆਲਾ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸੰਗਤਾਂ ਨੂੰ ਗੁਰੂਬਾਣੀ ਨਾਲ ਜੋੜਨ ਲਈ ਭਾਈ ਪਰਮਜੀਤ ਸਿੰਘ ਵੀਰਜੀ ਮੁੱਖ ਸੇਵਾਦਾਰ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਵਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ । ਇਸ ਮੁਹਿੰਮ ਤਹਿਤ ਉਨ੍ਹਾਂ ਵਲੋਂ ਗੁਰੂਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੀ 2 ਅਤੇ ਗੁਰੂਦੁਆਰਾ ਸ੍ਰੀ ਗੁਰੂ ਸਿੰਘ ਸਭਾ ਲਾਜਵੰਤੀ ਗਾਰਡਨ ਵਿਖ਼ੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਵੈਰਾਗਮਈ ਬਾਣੀ ਦੇ ਨਾਲ ਉਚੇਚੇ ਤੌਰ ਤੇ ਸਲੋਕ ਮਹੱਲਾ ਨੌਵੇਂ ਦੇ ਕੀਰਤਨੀ ਰੂਪ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਭਾਈ ਮਨਿੰਦਰ ਸਿੰਘ ਹਜੂਰੀ ਰਾਗੀ ਸੱਚਖੰਡ ਦਰਬਾਰ ਸਾਹਿਬ ਅਤੇ ਭਾਈ ਜਗਪ੍ਰੀਤ ਸਿੰਘ ਖੰਨੇ ਵਾਲਿਆਂ ਰਾਹੀਂ ਦੋ ਦਿਨ ਦੇ ਵਿਸ਼ੇਸ਼ ਕੀਰਤਨ ਦਰਬਾਰ ਸਜਾਏ ਗਏ । ਇਸ ਮੌਕੇ ਉਨ੍ਹਾਂ ਦਸਿਆ ਕਿ ਦਿੱਲੀ ਕਮੇਟੀ ਦੀਆਂ ਹੋਣ ਵਾਲੀਆਂ ਚੋਣਾਂ ਲਈ ਨਵੇਂ ਸਿਰੇ ਤੋਂ ਵੋਟਾਂ ਬਣ ਰਹੀਆਂ ਹਨ ਜਿਸਦੀ ਤਰੀਕ ਵਧਾ ਕੇ 15 ਨਵੰਬਰ ਕਰ ਦਿੱਤੀ ਗਈ ਹੈ ਅਸੀਂ ਸੰਗਤ ਨੂੰ ਪੁਰਜ਼ੋਰ ਅਪੀਲ ਕਰਦੇ ਹਾਂ ਕਿ ਦਿੱਲੀ ਕਮੇਟੀ ਦੇ ਮੌਜੂਦਾ ਹਾਲਾਤਾਂ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ ਕਿ ਕਿਸ ਤਰ੍ਹਾਂ ਮੌਜੂਦਾ ਪ੍ਰਬੰਧਕਾਂ ਦੀ ਗਲਤੀਆਂ ਨਾਲ ਸਾਡੇ ਅਦਾਰੇ ਕਰਜੇ ਹੇਠ ਪਹੁੰਚ ਚੁੱਕੇ ਹਨ ਤੇ ਬਹੁਤੇ ਮਾਮਲੇ ਅਦਾਲਤਾਂ ਵਿਚ ਵੀਂ ਚਲ ਰਹੇ ਹਨ, ਆਪਣੀ ਵੋਟ ਦੀ ਕੀਮਤ ਪਹਿਚਾਣਦੇ ਹੋਏ ਅਤੇ ਮੌਜੂਦਾ ਨਿਜ਼ਾਮ ਨੂੰ ਬਦਲਣ ਲਈ ਆਪਣੀਆਂ ਨਵੀਆਂ ਵੋਟਾਂ ਜਰੂਰ ਬਣਵਾਓ ਜੀ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾਂ ਸ਼ਹੀਦੀ ਸ਼ਤਾਬਦੀ ਮੌਕੇ ਸਿੱਖ ਪੰਥ ਦੀ ਵਡੀ ਮੰਗ ਕਿ ਪੰਥ ਲਈ ਸੰਘਰਸ਼ ਕਰਣ ਵਾਲੇ ਬੰਦੀ ਸਿੰਘ ਜੋ ਕਿ ਆਪਣੀ ਬਣਦੀ ਸਜ਼ਾ ਤੋਂ ਵੀਂ ਜਿਆਦਾ ਸਮਾਂ ਜੇਲ੍ਹਾਂ ਅੰਦਰ ਗੁਜਾਰ ਚੁੱਕੇ ਹਨ ਨੂੰ ਤੁਰੰਤ ਜਮਾਨਤਾਂ ਦੇ ਕੇ ਮੁੜ ਮੁਖਧਾਰਾ ਵਿਚ ਸ਼ਾਮਿਲ ਕਰਣ ਦਾ ਉਪਰਾਲਾ ਕਰਣਾ ਚਾਹੀਦਾ ਹੈ ਅੰਤ ਵਿਚ ਉਨ੍ਹਾਂ ਨੇ ਕੀਰਤਨ ਦਰਬਾਰ ਕਰਵਾਉਣ ਲਈ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਦੇ ਨਾਲ ਸਹਿਯੋਗ ਦੇਣ ਵਾਲੇ ਸਮੂਹ ਸੱਜਣਾ ਦਾ ਧੰਨਵਾਦ ਕਰਦਿਆਂ ਅੱਗੇ ਵੀਂ ਇਸੇ ਤਰ੍ਹਾਂ ਸਹਿਯੋਗ ਮਿਲਦੇ ਰਹਿਣ ਦੀ ਆਸ ਪ੍ਰਕਟ ਕੀਤੀ ।





ਬੰਦੀ ਛੋੜ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ

# ਐਡਵੋਕੇਟ ਧਾਮੀ ਨੇ ਬੰਦੀ ਛੋੜ ਦਿਵਸ ਦੀ ਸਿੱਖ ਜਗਤ ਨੂੰ ਦਿੱਤੀ ਵਧਾਈ



**ਨਵੀਂ ਦਿੱਲੀ, 21 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬੰਦੀਛੋੜ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਜਿਥੇ ਦੇਸ਼-ਵਿਦੇਸ਼ ਦੀਆਂ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ, ਉਥੇ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ, ਦਲ ਪੰਥ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਸ਼ਮੂਲੀਅਤ ਕੀਤੀ। ਬੰਦੀ ਛੋੜ ਦਿਹਾੜੇ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਏ ਗੁਰਮਤਿ ਸਮਾਗਮਾਂ ਦੌਰਾਨ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਜਥਿਆਂ, ਪ੍ਰਚਾਰਕਾਂ ਅਤੇ ਕਵੀਆਂ ਨੇ ਗੁਰਬਾਣੀ ਕੀਰਤਨ ਅਤੇ ਇਤਿਹਾਸ ਦੁਆਰਾ ਸੰਗਤ ਨਾਲ ਸਾਂਝ ਪਾਈ। ਇਸੇ ਦੌਰਾਨ ਪ੍ਰੰਪਰਾ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓੜੀ ਤੋਂ ਸਿੱਖ ਪੰਥ ਦੇ ਨਾਂ ਸੰਦੇਸ਼ ਦਿੰਦਿਆਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦੇ ਨਾਲ-ਨਾਲ ਸਿੱਖਾਂ ਨਾਲ ਹੋ ਰਹੇ ਵਿਤਕਰੇ ਵਖਰੇਵੇਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਦਅਦਬੀਆਂ ਦੀਆਂ ਘਟਨਾਵਾਂ, ਸਿੱਖ ਕਕਾਰਾਂ 'ਤੇ ਹੁੰਦੇ ਸਵਾਲ ਅਤੇ ਸਿੱਖ ਸੰਸਥਾਵਾਂ ਉੱਤੇ ਗਹਿਰੀ ਸਾਜ਼ਿਸ਼ ਤਹਿਤ ਕਬਜ਼ੇ ਦੀਆਂ ਚਾਲਾਂ ਪ੍ਰਤੀ ਚਿੰਤਾ ਪ੍ਰਗਟ ਕਰਦਿਆਂ ਪੰਥਕ ਏਕਤਾ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰਕੇ ਸਿੱਖਾਂ ਨੂੰ ਇਕ ਅਜਿਹਾ ਤਖ਼ਤ ਬਖ਼ਸ਼ਿਆ, ਜਿਹੜਾ ਹਮੇਸ਼ਾ ਹੱਕ, ਸੱਚ, ਨਿਆਂ ਅਤੇ ਧਰਮ ਦੇ ਬੋਲ-ਬਾਲਿਆਂ ਲਈ ਸੇਧ ਦਿੰਦਾ ਹੈ। ਉਨ੍ਹਾਂ ਕਿਹਾ ਕਿ ਬੰਦੀ ਛੋੜ ਦਿਵਸ ਮੌਕੇ ਸਮੁੱਚਾ ਖ਼ਾਲਸਾ ਪੰਥ ਪੰਥਕ ਰਵਾਇਤਾਂ ਮੁਤਾਬਕ ਇਥੇ ਸਿਰ ਜੋੜ ਕੇ ਬੈਠਦਾ ਹੈ ਅਤੇ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਰਣਨੀਤੀ ਬਣਾਉਂਦਾ ਹੈ। ਗਿਆਨੀ ਕੁਲਦੀਪ ਸਿੰਘ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਵੱਲੋਂ ਉਸ ਵੇਲੇ ਦੀ ਮਜ਼ਲੂਮ ਧਿਰ ਦੇ ਤਿਲਕ ਤੇ ਜੰਞੂ ਦੀ ਰਾਖੀ ਕਰਦਿਆਂ ਧਾਰਮਿਕ ਅਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਲਈ ਦਿੱਤੀ ਅਦੁੱਤੀ ਸ਼ਹਾਦਤ ਦੇ 350 ਸਾਲਾ ਮੌਕੇ ਉਨ੍ਹਾਂ ਨੂੰ ਯਾਦ ਕਰਦਿਆਂ ਕਿਹਾ ਕਿ ਇਹ ਸ਼ਹਾਦਤਾਂ ਸਾਡਾ ਮਾਰਗਦਰਸ਼ਨ ਕਰਦੀਆਂ ਹਨ ਅਤੇ ਹਰ ਧਰਮ ਦੇ ਲੋਕਾਂ ਨੂੰ ਆਪੋ-ਆਪਣੇ ਧਰਮ ਅਨੁਸਾਰ ਧਾਰਮਿਕ ਚਿੰਨ੍ਹ ਪਹਿਨ ਕੇ ਵਿਚਰਨ ਅਤੇ ਅਜ਼ਾਦੀ ਨਾਲ ਰਹਿਣ ਦੀ ਗਵਾਹੀ ਭਰਦੀਆਂ ਹਨ। ਪ੍ਰੰਤੂ ਦੁੱਖ ਦੀ ਗੱਲ ਹੈ ਕਿ ਅੱਜ ਗੁਰੂ ਸਾਹਿਬ ਜੀ ਦੇ ਸਿੱਖਾਂ ਦੇ ਕਕਾਰ ਕਿਰਪਾਨ, ਕੜਾ ਉਤਰਵਾਉਣ ਦੀਆਂ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਸਾਹਮਣੇ ਆਉਂਦੀਆਂ ਘਟਨਾਵਾਂ ਦੱਸਦੀਆਂ ਹਨ ਕਿ ਮੌਜੂਦਾ ਹੁਕਮਰਾਨ ਵੀ ਉਸ ਸਮੇਂ ਦੇ ਹਾਕਮਾਂ ਵਾਂਗ ਸੌੜੀ ਸੋਚ ਰੱਖਕੇ ਸਾਡੀ ਪਛਾਣ ਨੂੰ ਖਤਮ ਕਰਨ ਦੀ ਮਨਸ਼ਾ ਰੱਖਦੇ ਹਨ। ਉਨ੍ਹਾਂ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਭਾਈ ਜਗਤਾਰ ਸਿੰਘ ਹਵਾਰਾ, ਭਾਈ ਗੁਰਦੀਪ ਸਿੰਘ ਖੈਰਾ, ਭਾਈ ਦਵਿੰਦਰਪਾਲ ਸਿੰਘ ਭੁੱਲਰ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ ਤੇ ਹੋਰ ਸਿੰਘਾਂ ਅਤੇ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਹੱਕ ਹਕੂਕਾਂ ਦੀ ਗੱਲ ਕਰਦਿਆਂ ਸਰਕਾਰ ਪਾਸੋਂ ਤੁਰੰਤ ਰਿਹਾਈ ਦੀ ਮੰਗ ਕੀਤੀ। ਗਿਆਨੀ ਗੜਗੱਜ ਨੇ ਸਰਕਾਰ ਵੱਲੋਂ 2019 'ਚ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਜਾਰੀ ਕੀਤੇ ਨੋਟੀਫਿਕੇਸ਼ਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਨੂੰ ਆਪਣੇ ਫੈਸਲੇ 'ਤੇ ਦ੍ਰਿੜ੍ਹ ਰਹਿਣਾ ਚਾਹੀਦਾ ਹੈ ਅਤੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਜਥੇਦਾਰ ਗੜਗੱਜ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਗੁਰੂ ਘਰਾਂ ਵਿੱਚ ਪੰਥ ਦੀ ਪਹਿਰੇਦਾਰੀ ਕਾਇਮ ਕਰਨ ਦੀ ਗੱਲ ਕਰਦਿਆਂ ਕਿਹਾ ਕਿ ਹਰ ਗੁਰਦੁਆਰਾ ਸਾਹਿਬ ਵਿੱਚ ਪਹਿਰੇਦਾਰੀ ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨੇ ਲਾਜ਼ਮੀ ਬਣਾਏ ਜਾਣ। ਉਨ੍ਹਾਂ ਕਿਹਾ ਕਿ ਸਿੱਖ ਨੇ ਜਿਥੇ ਗੁਰੂ ਸਾਹਿਬ ਵੱਲੋਂ ਬਖਸ਼ੇ ਮੀਰੀ ਪੀਰੀ ਦੇ ਸਿਧਾਂਤ ਅਨੁਸਾਰ ਧਾਰਮਿਕ, ਪਰਵਾਰਿਕ, ਸਮਾਜਿਕ ਅਤੇ ਆਰਥਿਕ ਤੌਰ ਉੱਤੇ ਤਕੜਾ ਹੋਣਾ ਹੈ, ਉੱਥੇ ਆਲਮੀ ਪੱਧਰ 'ਤੇ ਰਾਜਸੀ ਤੌਰ ਉੱਤੇ ਵੀ ਤਕੜਾ ਹੋਣਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਇੱਕ ਸਾਂਝਾ ਪਰਿਵਾਰ ਹੈ ਅਤੇ ਕੌਮ ਵਿੱਚ ਕੋਈ ਵੀ ਆਪਸੀ ਵਖਰੇਵਾਂ ਇੰਨਾ ਵੱਡਾ ਨਹੀਂ, ਜਿਸ ਨੂੰ ਅਧਾਰ ਬਣਾ ਕੇ ਕੋਈ ਕੌਮ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰੇ। ਜਥੇਦਾਰ ਗੜਗੱਜ ਨੇ ਕਿਹਾ ਕਿ ਗੁਰਦੁਆਰਿਆਂ, ਗੁਰਧਾਮਾਂ ਤੇ ਤਖ਼ਤ ਸਾਹਿਬਾਨ ਦਾ ਪ੍ਰਬੰਧ ਖ਼ਾਲਸਾ ਪੰਥ ਨੇ ਸ਼ਹਾਦਤਾਂ ਦੇ ਕੇ ਪ੍ਰਾਪਤ ਕੀਤਾ ਹੈ ਅਤੇ ਇਹ ਹਮੇਸ਼ਾ ਪੰਥ ਕੋਲ ਹੀ ਰਹੇਗਾ। ਸਮੇਂ ਦੇ ਹੁਕਮਰਾਨਾਂ ਵੱਲੋਂ ਗੁਰਦੁਆਰਿਆਂ ਅਤੇ ਤਖ਼ਤ ਸਾਹਿਬਾਨ ਦੇ ਪ੍ਰਬੰਧਾਂ ਵਿੱਚ ਦਖਲ ਜਾਂ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਦੀ ਕੋਸ਼ਿਸ਼ ਨੂੰ ਖ਼ਾਲਸਾ ਪੰਥ ਕਦੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਦਾ ਬੰਦ ਪਿਆ ਲਾਂਘਾ ਖੋਲ੍ਹਣ ਦੀ ਵੀ ਮੰਗ ਕੀਤੀ। ਜਥੇਦਾਰ ਨੇ ਆਖਿਆ ਕਿ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਇਹ ਲਾਂਘਾ ਜਲਦ ਮੁੜ ਖੋਲ੍ਹਿਆ ਜਾਵੇ ਤਾਂ ਜੋ ਦੋਵਾਂ ਮੁਲਕਾਂ ਵਿੱਚ ਆਪਸੀ ਪ੍ਰੇਮ ਤੇ ਸਦਭਾਵਨਾ ਦਾ ਪੈਗਾਮ ਵਧੇ। ਉਨ੍ਹਾਂ ਆਪਣੇ ਸੰਦੇਸ਼ ਵਿਚ ਪੰਜਾਬ ਵਿਚ ਆਏ ਹੜ੍ਹਾਂ ਸਮੇਂ ਸਿੱਖ ਸੰਸਥਾਵਾਂ ਵੱਲੋਂ ਨਿਭਾਈਆਂ ਸੇਵਾਵਾਂ ਦੀ ਪ੍ਰਸ਼ੰਸਾ ਵੀ ਕੀਤੀ। ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਇਸੇ ਸਾਲ ਨਵੰਬਰ ਮਹੀਨੇ ਖ਼ਾਲਸਾ ਪੰਥ ਵੱਲੋਂ ਪੰਥਕ ਰਵਾਇਤਾਂ ਅਤੇ ਕੌਮੀ ਇਕਜੁਟਤਾ ਨਾਲ ਮਨਾਈ ਜਾ ਰਹੀ ਹੈ। ਉਨ੍ਹਾਂ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ ਦਿੱਲੀ ਵਿਖੇ ਹੋ ਰਹੇ ਸਮਾਗਮਾਂ ਸਮੇਂ ਵੱਧ ਤੋਂ ਵੱਧ ਸੰਗਤਾਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੰਦਿਆਂ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਵੀ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ। ਬੰਦੀ ਛੋੜ ਦਿਵਸ ਸਮਾਗਮਾਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਮਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਈਂ ਪੂਈਂ, ਸ. ਦਰਸ਼ਨ ਸਿੰਘ ਬਰਾੜ, ਸ. ਹਰਭਜਨ ਸਿੰਘ ਮਸਾਣਾ, ਭਾਈ ਅਜੈਬ ਸਿੰਘ ਅਭਿਆਸੀ, ਅਕਾਲੀ ਆਗੂ ਸ. ਸੁੱਚਾ ਸਿੰਘ ਲੰਗਾਹ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਆਦਿ ਹਾਜ਼ਰ ਸਨ। ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਮੁੱਚੇ ਸਿੱਖ ਜਗਤ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਹੈ। ਆਪਣੇ ਵਧਾਈ ਸੰਦੇਸ਼ ਵਿਚ ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗਵਾਲੀਅਰ ਦੀ ਕੈਦ ਵਿਚੋਂ ਰਿਹਾਅ ਹੋ ਕੇ ਸ੍ਰੀ ਅੰਮ੍ਰਿਤਸਰ ਪਹੁੰਚਣ ਦੀ ਯਾਦ ਵਿਚ ਮਨਾਇਆ ਜਾਂਦਾ ਇਹ ਦਿਹਾੜਾ ਮਾਨਵਤਾ ਦੇ ਹੱਕ ਵਿਚ ਅਵਾਜ਼ ਬੁਲੰਦ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਆਪਣੇ ਨਾਲ 52 ਰਾਜਿਆਂ ਨੂੰ ਮੁਗ਼ਲ ਕੈਦ ਵਿੱਚੋਂ ਰਿਹਾਅ ਕਰਵਾ ਕੇ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਪਰਉਪਕਾਰ ਦੀ ਮਿਸਾਲੀ ਉਦਾਹਰਨ ਪੇਸ਼ ਕੀਤੀ। ਐਡਵੋਕੇਟ ਧਾਮੀ ਨੇ ਬੰਦੀ ਛੋੜ ਦਿਵਸ ਮੌਕੇ ਗੁਰੂ ਸਾਹਿਬ ਦੇ ਉਪਦੇਸ਼ਾਂ ਦੀ ਰੌਸ਼ਨੀ ਵਿਚ ਜੀਵਨ ਜਿਊਣ ਦੀ ਸੰਗਤ ਨੂੰ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਬੰਦੀ ਛੋੜ ਦਿਵਸ ਮੌਕੇ ਅਸੀਂ ਆਪਣਾ ਚੌਗਿਰਦਾ ਰੁਸ਼ਨਾਉਣਾ ਹੈ, ਉਥੇ ਹੀ ਗੁਰਬਾਣੀ ਜਾਪ ਦੁਆਰਾ ਆਪਣਾ ਮਨ ਵੀ ਰੌਸ਼ਨ ਕਰਨਾ ਹੈ।

## ਯੂਕੇ ਵਿਚ ਹੋਏ ਸਿੱਖ ਬੀਬੀ ਨਾਲ ਜਬਰਜਿਨਾਹ ਅਤੇ ਨਸਲੀ ਹਮਲੇ ਦੇ ਇੰਨਸਾਫ ਲਈ ਪੁਲਿਸ ਅਤੇ ਸਿਆਸਤਦਾਨਾਂ ਵਿੱਚ ਸਿੱਖ ਭਾਈਚਾਰੇ ਦਾ ਵਿਸ਼ਵਾਸ ਘਟਿਆ: ਇੰਦਰਜੀਤ ਕੌਰ




ਨਵੀਂ ਦਿੱਲੀ 21 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਬੀਤੀ 9 ਸਤੰਬਰ ਨੂੰ ਓਲਡਬਰੀ ਅਤੇ 16 ਅਕਤੂਬਰ ਨੂੰ ਹੇਲਸੋਵਨ ਵਿਖ਼ੇ ਬਲਾਤਕਾਰ ਦੇ ਸ਼ੱਕ ਵਿੱਚ ਗ੍ਰਿਫਤਾਰ ਕੀਤੇ ਗਏ 49 ਸਾਲਾ ਆਦਮੀ ਅਤੇ 65 ਸਾਲਾ ਔਰਤ ਨੂੰ ਹੋਰ ਪੁੱਛਗਿੱਛਾਂ ਤੱਕ ਸ਼ਰਤਾਂ ਨਾਲ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੀ ਇੰਦਰਜੀਤ ਕੌਰ ਨੇ ਕਿਹਾ 9 ਸਤੰਬਰ ਅਤੇ 16 ਅਕਤੂਬਰ ਨੂੰ ਬਲਾਤਕਾਰ ਦੇ ਸ਼ੱਕ ਵਿੱਚ ਸ਼ੁੱਕਰਵਾਰ ਨੂੰ ਗ੍ਰਿਫਤਾਰ ਕੀਤੇ ਗਏ ਦੋਵਾਂ ਦੀ ਰਿਹਾਈ ਨਾਲ ਪੁਲਿਸ ਅਤੇ ਸਿਆਸਤਦਾਨਾਂ ਵਿੱਚ ਸਿੱਖ ਭਾਈਚਾਰੇ ਦਾ ਵਿਸ਼ਵਾਸ ਘੱਟ ਗਿਆ ਹੈ। ਪੁਲਿਸ ਵੱਲੋਂ ਤਾਜ਼ਾ ਅਪਡੇਟ ਤੋਂ ਬਾਅਦ ਵੱਡੀ ਭਾਈਚਾਰਕ ਚਿੰਤਾ ਹੈ। ਇਹ ਅਪਡੇਟ 30 ਸਾਲ ਦੇ ਉਸ ਵਿਅਕਤੀ ਦੇ ਪਿੱਛੇ ਆਇਆ ਹੈ ਜਿਸਨੂੰ ਟੇਮ ਰੋਡ ਬਲਾਤਕਾਰ ਦੇ ਸ਼ੱਕ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ ਅਤੇ 14 ਸਤੰਬਰ ਨੂੰ ਬਿਨਾਂ ਕਿਸੇ ਦੋਸ਼ ਨੂੰ ਚਾਰਜ ਕਰਦਿਆਂ ਉਸਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ। ਫਰਕ ਸਿਰਫ਼ ਇਹ ਜਾਪਦਾ ਹੈ ਕਿ ਇਹਨਾਂ ਦੋ ਨਵੀਨਤਮ ਜ਼ਮਾਨਤਾਂ ਦੇ ਸੰਬੰਧ ਵਿੱਚ "ਸ਼ਰਤਾਂ" ਹਨ। ਪੁਲਿਸ ਨੇ ਇਹ ਸਪੱਸ਼ਟ ਨਹੀਂ ਕੀਤਾ ਹੈ ਕਿ ਇਹ ਸ਼ਰਤਾਂ ਸਾਡੀ ਨਿਰਾਸ਼ਾ ਵਿੱਚ ਕੀ ਵਾਧਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਅਸੀਂ ਪੁਲਿਸ ਦੀ ਕਦਰ ਕਰਦੇ ਹਾਂ ਅਤੇ ਸੀਪੀਐਸ ਕੋਲ ਇਹਨਾਂ ਅਪਰਾਧਾਂ ਨੂੰ ਚਾਰਜ ਕਰਨ ਲਈ ਅੱਗੇ ਵਧਾਉਣ ਲਈ ਲੋੜੀਂਦੇ ਸਬੂਤ ਮਿਆਰ ਹੋਣੇ ਚਾਹੀਦੇ ਹਨ, ਪਰ ਸਿੱਖ ਭਾਈਚਾਰਾ ਅਜੇ ਵੀ ਲੋੜੀਂਦੇ ਸਬੂਤਾਂ ਦੇ ਮਾਮਲੇ ਵਿੱਚ ਘਾਟੇ ਵਿੱਚ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸ਼ੱਕ ਹੈ ਕਿ ਇਸ ਮਾਮਲੇ ਵਿਚ ਇੰਨਸਾਫ ਪ੍ਰਾਪਤੀ ਲਈ ਹੋਰ ਰਾਜਨੀਤਿਕ ਦਬਾਅ ਹੋਣ ਦੀ ਲੋੜ ਹੈ ਅਤੇ ਮੌਜੂਦਾ ਮਾਹੌਲ ਵਿੱਚ ਕਾਰਵਾਈ ਕਰਨ ਲਈ "ਰਾਜਨੀਤਿਕ ਇੱਛਾ ਸ਼ਕਤੀ" ਦੀ ਲੋੜ ਹੈ, ਖਾਸ ਕਰਕੇ 9 ਸਤੰਬਰ ਨੂੰ ਹੋਇਆ ਅਪਰਾਧ ਇੱਕ ਨਸਲੀ ਤੌਰ 'ਤੇ ਵਧਿਆ ਹੋਇਆ ਬਲਾਤਕਾਰ ਸੀ ਜਿਸਨੂੰ ਪੁਲਿਸ ਨੇ ਸਾਡੇ ਦਬਾਅ ਤੋਂ ਬਾਅਦ ਸਪੱਸ਼ਟ ਕੀਤਾ ਹੈ।

## ਦਲ ਖਾਲਸਾ ਦੇ ਆਗੂ ਭਾਈ ਪਰਮਜੀਤ ਸਿੰਘ ਮੰਡ ਨੂੰ ਪਿਤਾ ਦੇ ਦੇਹਾਂਤ ਨਾਲ ਗਹਿਰਾ ਸਦਮਾ

**ਸ਼੍ਰੀ ਹਰਿਗੋਬਿੰਦਪੁਰ ਸਾਹਿਬ / ਅੰਮ੍ਰਿਤਸਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਦੇ ਜੁਝਾਰੂ ਆਗੂ ਅਤੇ ਦਲ ਖਾਲਸਾ ਦੇ ਵਰਕਿੰਗ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਪਿਤਾ ਸਰਦਾਰ ਗੁਰਦੇਵ ਸਿੰਘ ਜੀ ਪਿੰਡ ਮੰਡ, ਕਸਬਾ ਸ਼੍ਰੀ ਹਰਿਗੋਬਿੰਦਪੁਰ ਸਾਹਿਬ (ਜ਼ਿਲ੍ਹਾ ਗੁਰਦਾਸਪੁਰ) ਨੇ ਅੱਜ ਸਵੇਰੇ ਅਕਾਲ ਚਲਾਣਾ ਕਰ ਗਿਆ। ਇਸ ਦੁਖਦਾਈ ਖ਼ਬਰ ਨਾਲ ਸਿੱਖ ਪੰਥ ਅਤੇ ਦਲ ਖਾਲਸਾ ਦੇ ਸਾਰੇ ਮੈਂਬਰਾਂ ਵਿੱਚ ਸ਼ੋਕ ਦੀ ਲਹਿਰ ਦੌੜ ਗਈ ਹੈ। ਉਨ੍ਹਾਂ ਦੇ ਵਿਛੋੜੇ ਨੂੰ ਪੰਥਕ ਤੌਰ 'ਤੇ ਇੱਕ ਵੱਡਾ ਨੁਕਸਾਨ ਮੰਨਿਆ ਜਾ ਰਿਹਾ ਹੈ। ਦਲ ਖਾਲਸਾ ਦੇ ਸੀਨੀਅਰ ਆਗੂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕਰਨੈਲ ਸਿੰਘ ਪੰਜੋਲੀ ਨੇ ਦੁਖ ਪ੍ਰਗਟ ਕਰਦੇ ਹੋਏ ਕਿਹਾ ਕਿ "ਸਰਦਾਰ ਗੁਰਦੇਵ ਸਿੰਘ ਜੀ ਦਾ ਸਦੀਵੀ ਵਿਛੋੜਾ ਪੰਥ ਅਤੇ ਪਰਿਵਾਰ ਲਈ ਅਪੂਰਣ ਨੁਕਸਾਨ ਹੈ। ਅਕਾਲ ਪੁਰਖ ਵਾਹਿਗੁਰੂ ਜੀ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣੇ ਨੂੰ ਮਿੱਠਾ ਮੰਨਣ ਦਾ ਬਲ ਪ੍ਰਦਾਨ ਕਰਨ।" ਇਹ ਵੀ ਜ਼ਿਕਰਯੋਗ ਹੈ ਕਿ ਭਾਈ ਪਰਮਜੀਤ ਸਿੰਘ ਮੰਡ ਜੀ ਇਸ ਸਮੇਂ ਇੰਗਲੈਂਡ ਦੇ ਦੌਰੇ 'ਤੇ ਹਨ, ਜਿੱਥੇ ਉਹ ਪੰਥਕ ਮਸਲਿਆਂ 'ਤੇ ਮੀਟਿੰਗਾਂ ਕਰ ਰਹੇ ਸਨ। ਪਿਤਾ ਜੀ ਦੇ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਉਨ੍ਹਾਂ ਨੇ ਤੁਰੰਤ ਵਾਪਸੀ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ।



## ਸਾਨੂੰ ਆਪਣਾ ਜੀਵਨ ਵਾਹਿਗੁਰੂ ਦੇ ਭਾਣੇ ਵਿਚ ਰਹਿ ਕੇ ਬਤੀਤ ਕਰਨਾ ਚਾਹੀਦਾ ਹੈ—ਰਾਗੀ ਭਾਈ ਨਿਰਮਲਜੀਤ ਸਿੰਘ ਖਾਲਸਾ

ਫ਼ਿਰੋਜ਼ਪੁਰ, 21 ਅਕਤੂਬਰ (ਮਨੋਹਰ ਲਾਲ) :— ਸਾਨੂੰ ਆਪਣਾ ਜੀਵਨ ਵਾਹਿਗੁਰੂ ਜੀ ਦੇ ਭਾਣੇ ਵਿਚ ਰਹਿ ਕੇ ਬਤੀਤ ਕਰਨਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਰਾਗੀ ਭਾਈ ਨਿਰਮਲਜੀਤ ਸਿੰਘ ਖਾਲਸਾ ਬੀ.ਏ ਸੰਗੀਤ ਫ਼ਿਰੋਜ਼ਪੁਰ ਪ੍ਰਧਾਨ ਵਿਸ਼ਵ ਗੁਰਸ਼ਬਦ ਪ੍ਰਚਾਰ ਵੈਲਫੇਅਰ ਸੁਸਾਇਟੀ ਪੰਜਾਬ ਭਾਰਤ ਧਵਨ ਕਲੋਨੀ ਫ਼ਿਰੋਜ਼ਪੁਰ ਨੇ ਸਮਾਗਮ ਵਿਚ ਕਥਾ ਕਰਦਿਆਂ ਆਖਿਆ ਕਿ ਸਾਨੂੰ ਆਪਣਾ ਜੀਵਨ ਵਾਹਿਗੁਰੂ ਦੇ ਭਾਣੇ ਵਿਚ ਰਹਿ ਕੇ ਬਸਰ ਕਰਨਾ ਚਾਹੀਦਾ ਹੈ, ਕਿਉਂਕਿ ਵਾਹਿਗੁਰੂ ਸ਼ਕਤੀਮਾਨ ਹੈ, ਜਿਹੜੇ ਸਾਡੇ ਦੁੱਖ ਅਤੇ ਸੁੱਖ ਵਿਚ ਆਪ ਸਹਾਈ ਹੁੰਦਾ ਹੈ, ਸਾਨੂੰ ਹਮੇਸ਼ਾ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ, ਬਾਣੀ ਪੜਨ ਨਾਲ ਸਾਡੇ ਸਾਰੇ ਦੁੱਖ ਦੂਰ ਹੁੰਦੇ ਹਨ, ਸਾਨੂੰ ਉਠਦੇ—ਬੈਠਦੇ ਹਮੇਸ਼ਾ ਵਾਹਿਗੁਰੂ ਜੀ ਦਾ ਜਾਪ ਕਰਨਾ ਚਾਹੀਦਾ ਹੈ। ਇਨ੍ਹਾਂ ਨੇ ਹੀ ਸਾਨੂੰ ਭਵਸਾਗਰ ਦਾ ਪਾਰ ਉਤਾਰਾ ਕਰਨਾ ਚਾਹੀਦਾ ਹੈ ਅਤੇ ਸਾਡੀ ਚੁਰਾਸੀ ਕਟਣੀ ਹੈ। ਰਾਗੀ ਨਿਰਮਲਜੀਤ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਸਾਨੂੰ ਵਹਿਮਾਂ—ਭਰਮਾਂ ਤੋਂ ਉਪਰ ਉਠ ਕੇ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਝ ਆਸਰਾ ਲੈਣਾ ਚਾਹੀਦਾ ਹੈ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ ਅਤੇ ਨਸ਼ਿਆਂ ਦਾ ਤਿਆਗ ਕਰੋ ਅਤੇ ਆਪਣਾ ਜੀਵਨ ਉਚਾ ਅਤੇ ਸੁੱਚਾ ਬਣਾਉ। ਇਸ ਮੌਕੇ ਰਾਗੀ ਭਾਈ ਨਿਰਮਲਜੀਤ ਸਿੰਘ ਖਾਲਸਾ ਨੇ ਸਮੂਹ ਦੇਸ਼ ਵਾਸੀਆਂ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰੂ ਗੋਬਿੰਦ ਸਿੰਘ ਸੀ ਸੈ ਸਕੂਲ, ਚੁੰਘ ਵਿਖੇ

# ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ



**ਚੌਕ ਮਹਿਤਾ, 20 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਾਰ ਸੰਸਥਾਵਾਂ ਵਿੱਚੋ ਇਕ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀ ਸੈ ਸਕੂਲ, ਚੁੰਘ ਵਿਖੇ ਵਿਦਿਆਰਥੀਆਂ ਵੱਲੋਂ ਦੀਵਾਲੀ ਅਤੇ ਬੰਦੀ ਛੋੜ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸੰਸਥਾ ਵੱਲੋਂ ਰੰਗੋਲੀ ਮੁਕਾਬਲੇ, ਦੀਵਾ ਬਣਾਉਣ ਦੇ ਮੁਕਾਬਲੇ ਅਤੇ ਚਿੱਤਰਕਲਾ ਮੁਕਾਬਲੇ ਕਰਵਾਏ ਗਏ।ਸਵੇਰ ਦੀ ਸਭਾ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਜਪੁਜੀ ਸਾਹਿਬ ਦੇ ਪਾਠ ਨਾਲ ਕੀਤੀ ਗਈ।ਇਸ ਉਪਰੰਤ ਵਿਦਿਆਥੀਆਂ ਵਲੋਂ ਭਾਸ਼ਣ ਅਤੇ ਕਵਿਤਾਵਾਂ ਰਾਹੀਂ ਆਪਣੇ ਵਿਚਾਰ ਰੱਖੇ ਗਏ। ਸੰਸਥਾ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕੀਤਾ। ਓਹਨਾ ਨੇ ਵਿਦਿਆਰਥੀਆਂ ਨੂੰ ਗਰੀਨ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਅਤੇ ਓਹਨਾ ਵਲੋਂ ਵਿਦਿਆਰਥੀਆਂ ਨੂੰ ਇਹਨਾਂ ਤਿਉਹਾਰਾਂ ਦੇ ਇਤਿਹਾਸ ਨਾਲ ਵੀ ਜਾਣੂ ਕਰਵਾਇਆ ਗਿਆ।ਅਖੀਰ ਓਹਨਾ ਵਲੋਂ ਅਧਿਆਪਕਾਂ ਨੂੰ ਅਜਿਹੀਆਂ ਪ੍ਰਤੀਯੋਗਤਾਵਾਂ ਕਰਾਉਣ ਤੇ ਓਹਨਾ ਦੀ ਹੌਂਸਲਾ ਅਫਜ਼ਾਈ ਕੀਤੀ ਗਈ ਅਤੇ ਸਾਰਿਆ ਨੂੰ ਹੀ ਵਧਾਈ ਦਿੱਤੀ ਗਈ। ਇਸ ਮੌਕੇ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਿਰ ਸਨ।

### ਅਮਨ ਸ਼ਾਂਤੀ ਲਈ ਆਪਣੀਆਂ ਅਦੁੱਤੀਆਂ ਸ਼ਹਾਦਤਾਂ ਦੇਣ ਵਾਲੇ ਪੁਲਿਸ ਜਵਾਨਾਂ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ—ਐਸ.ਐਸ.ਪੀ

# ਹਥਿਆਰ ਉਲਟੇ ਕਰਕੇ ਦਿੱਤੀ ਸੋਗ ਸਲਾਮੀ, ਸਾਰੇ ਅਧਿਕਾਰੀਆਂ ਵੱਲੋਂ ਦੋ ਮਿੰਟ ਦਾ ਮੌਨ ਧਾਰਿਆ ਗਿਆ



ਫ਼ਿਰੋਜ਼ਪੁਰ, 21 ਅਕਤੂਬਰ (ਮਨੋਹਰ ਲਾਲ) :— ਪੁਲਿਸ ਲਾਈਨ ਫਿਰੋਜ਼ਪੁਰ ਛਾਉਣੀ ਵਿਖੇ ਸ਼ਹੀਦ ਹੋਏ ਪੁਲਿਸ ਜਵਾਨਾਂ ਦੇ ਸ਼ਹੀਦੀ ਸਮਾਰਕ ਤੇ ਪੁਲਿਸ, ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਫੁੱਲ੍ਹ ਮਲਾਵਾਂ ਭੇਂਟ ਕਰਕੇ ਰਾਸ਼ਟਰੀ ਪੁਲਿਸ ਯਾਦਗਾਰ ਦਿਵਸ ਮਨਾਇਆ ਗਿਆ। ਇਸ ਮੌਕੇ ਡੀ.ਐਸ.ਪੀ ਸ੍ਰੀ ਕਰਨ ਸ਼ਰਮਾ ਦੀ ਅਗਵਾਈ ਵਿੱਚ ਪੁਲੀਸ ਜਵਾਨਾਂ ਵੱਲੋਂ ਹਥਿਆਰ ਉਲਟੇ ਕਰਕੇ ਸ਼ਹੀਦ ਪੁਲਿਸ ਜਵਾਨਾਂ ਨੂੰ ਸ਼ੋਕ ਸਲਾਮੀ ਦਿੱਤੀ ਗਈ ਅਤੇ ਸਾਰੇ ਅਧਿਕਾਰੀਆਂ ਅਤੇ ਮਹਿਮਾਨਾਂ ਵੱਲੋਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਉਪਰੰਤ ਵਿਸ਼ੇਸ਼ ਤੌਰ ਤੇ ਸ਼ਹੀਦ ਪਰਿਵਾਰਾਂ ਦੇ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ ਅਤੇ ਸਹਾਇਕ ਕਮਿਸ਼ਨਰ (ਜ) ਗੁਰਦੇਵ ਸਿੰਘ ਧੰਮ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਦੇਸ਼ ਅਤੇ ਸੂਬੇ ਦੀ ਅਮਨ ਸ਼ਾਂਤੀ ਲਈ ਆਪਣੀਆਂ ਅਦੁੱਤੀਆਂ ਸ਼ਹਾਦਤਾਂ ਦੇਣ ਵਾਲੇ ਪੁਲਿਸ ਜਵਾਨਾਂ ਦੀ ਸ਼ਹਾਦਤ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ 21 ਅਕਤੂਬਰ 1959 ਨੂੰ ਚੀਨੀਆਂ ਵਿਰੁੱਧ ਲੜਾਈ ਦੌਰਾਨ ਲੇਹ ਲਦਾਖ ਦੇ ਹੌਟ ਸਪਰਿੰਗ ਇਲਾਕੇ ਵਿਚ ਤਾਇਨਾਤ ਕੀਤੇ ਗਏ ਜਵਾਨਾਂ ਦੀ ਇੱਕ ਟੁਕੜੀ ਤੇ ਚੀਨੀਆਂ ਵੱਲੋਂ ਅਚਾਨਕ ਹਮਲਾ ਕੀਤਾ ਗਿਆ, ਜਿਸ ਵਿਚ ਭਾਰਤੀ ਪੁਲੀਸ ਦੇ 10 ਜਵਾਨ ਸ਼ਹੀਦ ਹੋ ਗਏ ਸਨ। ਜਿਨ੍ਹਾਂ ਦੀ ਯਾਦ ਵਿਚ ਤੇ ਡਿਊਟੀ ਦੌਰਾਨ ਹੋਰ ਮਾਰੇ ਗਏ ਪੁਲੀਸ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਯਾਦ ਤਾਜਾ ਰੱਖਣ ਲਈ ਸਾਲ 1960 ਵਿਚ ਸਮੂਹ ਸਟੇਟਾਂ ਦੇ ਆਈ.ਜੀ.ਪੀਜ਼ ਦੀ ਕਾਨਫ਼ਰੰਸ ਵਿਚ ਇਹ ਫ਼ੈਸਲਾ ਕੀਤਾ ਗਿਆ ਸੀ ਕਿ ਹਰ ਸਾਲ ਸਾਰੇ ਦੇਸ਼ ਵਿਚ ਜ਼ਿਲ੍ਹਾ ਹੈਡਕੁਆਰਟਰਾਂ ਅਤੇ ਹੋਰ ਪੁਲਿਸ ਯੂਨਿਟਾਂ ਵਿਚ 21 ਅਕਤੂਬਰ ਨੂੰ ਇਹ ਦਿਵਸ ਮਨਾਇਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪੁਲਿਸ ਮੁੱਖੀ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਦਾ ਗੌਰਵਸ਼ਾਲੀ ਤੇ ਕੁਰਬਾਨੀਆਂ ਭਰਿਆ ਇਤਿਹਾਸ ਹੈ ਅਤੇ ਪੰਜਾਬ ਪੁਲੀਸ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਬਰਕਰਾਰ ਰੱਖਣ ਅਤੇ ਦੇਸ਼ ਵਿੱਚ ਅਮਨ ਸ਼ਾਂਤੀ ਨੂੰ ਬਣਾਈ ਰੱਖਣ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪੁਲਿਸ ਜਵਾਨਾਂ ਦੀਆਂ ਸ਼ਹੀਦੀਆਂ ਬਦੌਲਤ ਹੀ ਅੱਜ ਅਸੀਂ ਸ਼ਾਂਤੀ ਤੇ ਅਮਨ ਚੈਨ ਦੀ ਜ਼ਿੰਦਗੀ ਬਤੀਤ ਕਰ ਰਹੇ ਤੇ ਆਜ਼ਾਦ ਫ਼ਿਜ਼ਾ ਦਾ ਅਨੰਦ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਇਹੋ ਜਿਹੇ ਸ਼ਹੀਦਾਂ ਤੇ ਮਾਣ ਹੈ ਤੇ ਪੰਜਾਬ ਪੁਲੀਸ ਹਰ ਮੁਸ਼ਿਕਲ ਦੀ ਘੜੀ ਵਿਚ ਸ਼ਹੀਦ ਪਰਿਵਾਰਾਂ ਨਾਲ ਖੜੀ ਹੈ। ਇਸ ਤੋਂ ਪਹਿਲਾ ਦੇਸ਼ ਦੀਆਂ ਵੱਖ—ਵੱਖ ਸੁਰੱਖਿਆ ਫੋਰਸਾਂ ਦੇ ਸ਼ਹੀਦ ਹੋਏ ਅਫ਼ਸਰਾਂ ਅਤੇ ਜਵਾਨਾਂ ਦੇ ਨਾਮਾਂ ਦੀ ਸੂਚੀ ਪੜ੍ਹ ਕੇ ਉਨ੍ਹਾਂ ਨੂੰ ਯਾਦ ਕੀਤਾ। ਸਟੇਜ ਸੰਚਾਲਨ ਦੀ ਭੂਮਿਕਾ ਲਖਵੀਰ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿਚ ਸਿਵਲ, ਹੋਮ ਗਾਰਡਜ਼, ਸ਼ਹੀਦਾਂ ਦੇ ਪਰਿਵਾਰ ਤੇ ਪੁਲੀਸ ਅਧਿਕਾਰੀ ਹਾਜ਼ਰ ਸਨ।

# ਗੁ: ਸਵਰਗਪੁਰੀ ਸਠਿਆਲਾ ਵਿਖੇ ਅੱਖਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ



**ਚੌਕ ਮਹਿਤਾ, ,19 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਗੁ: ਸਵਰਗਪੁਰੀ ਸਠਿਆਲਾ ਵਿਖੇ ਪ੍ਰਧਾਨ ਗੁਰਜੀਤ ਸਿੰਘ ਬੱਲ ਦੀ ਅਗਵਾਈ 'ਚ ਅੱਖਾਂ ਦਾ ਮੁਫਤ ਕੈਂਪ ਲਗਾਇਆ। ਇਸ ਮੌਕੇ ਤੇ ਅੱਖਾਂ ਦੇ ਮਾਹਿਰ ਡਾ. ਏ.ਐੱਸ.ਧਾਮੀ ਅਤੇ ਡਾ. ਜਤਿੰਦਰ ਸਿੰਘ ਚਾਵਲਾ ਵਲੋਂ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ।ਇਸ ਦੌਰਾਨ ਪ੍ਰਧਾਨ ਸਰਪੰਚ ਦਲਬੀਰ ਸਿੰਘ,ਸੁਸਾਇਟੀ ਪ੍ਰਧਾਨ ਗੁਰਮੁੱਖ ਸਿੰਘ ਡਾਂਗਾ, ਸਾ: ਸਰਪੰਚ ਮਹਿੰਗਾ ਸਿੰਘ, ਹੈੱਡ ਮਾ: ਬਲਦੇਵ ਸਿੰਘ, ਹੈੱਡ ਮਾ: ਗਿਆਨ ਸਿੰਘ ਨੇ ਦੱਸਿਆ ਕਿ ਭਜਨ ਸਿੰਘ ਸਿੰਗਾਪੁਰ ਵਲੋਂ ਬਾਬਾ ਚੰਨਣ ਸਿੰਘ ਦੀ ਯਾਦ'ਚ ਜਰੂਰਮੰਦ ਲੋਕਾਂ ਲਈ ਲਗਾਏ ਕੈਂਪ ਦੀ ਸ਼ਲਾਘਾ ਕਰਦਿਆ ਕਿਹਾ ਕਿ ਐਸੇ ਉਪਰਾਲੇ ਕਰਨਾ ਮਹਾਨ ਕਾਰਜ ਹੈ ਤੇ ਪ੍ਰਧਾਨ ਗੁਰਜੀਤ ਸਿੰਘ ਬੱਲ ਨੇ ਕਿਹਾ ਕਿ ਸ: ਭਜਨ ਸਿੰਘ ਸਿੰਗਾਪੁਰ ਦੇ ਸਹਿਯੋਗ ਭਵਿੱਖ 'ਚ ਵੀ ਇਸੇ ਤਰ੍ਹਾਂ ਜਰੂਰਤਮੰਦ ਲੋਕਾਂ ਦੀ ਸੇਵਾ'ਚ ਹਾਜ਼ਰ ਰਹਿਣਗੇ।ਇਸ ਮੌਕੇ ਮੁੱਖ ਗਿਆਨੀ ਰਾਜਿੰਦਰ ਸਿੰਘ, ਗੁ: ਕਮੇਟੀ ਦੇ ਸੇਵਾਦਾਰ ਰੇਸ਼ਮ ਸਿੰਘ ਬੱਲ, ਹਰਮਨ ਸਿੰਘ, ਗੁਰਦਿਆਲ ਸਿੰਘ, ਜਸਵੰਤ ਸਿੰਘ, ਹਰਜਿੰਦਰ ਸਿੰਘ, ਬਲਦੇਵ ਸਿੰਘ ਬਾਊ, ਗੁਰਦੇਵ ਸਿੰਘ, ਮਲਕੀਤ ਸਿੰਘ, ਅਮਰੀਕ ਸਿੰਘ, ਸਕੱਤਰ ਸਿੰਘ, ਬਲਜੀਤ ਸਿੰਘ ਕੂਕਾ , ਕੁਲਵੰਤ ਸਿੰਘ, ਕੁਲਵਿੰਦਰ ਸਿੰਘ, ਆਦਿ ਹਾਜ਼ਰ ਸਨ।

# ਦੇਖੋ ਸ਼੍ਰੋਮਣੀ ਕਮੇਟੀ ਦੇ ਫੈਸਲੇ ਗ੍ਰੰਥੀ ਸਿੰਘ ਨੂੰ 8 ਹਜ਼ਾਰ ਤੇ ਸਕੱਤਰ ਨੂੰ ਤਿੰਨ ਲੱਖ—ਬੰਡਾਲਾ



ਫ਼ਿਰੋਜ਼ਪੁਰ, 21 ਅਕਤੂਬਰ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ, ਗਿਆਨੀ ਮਲਕੀਤ ਸਿੰਘ ਵੀਰਮ ਜਥੇਦਾਰ ਸੁਖਦੇਵ ਸਿੰਘ ਨੇ ਪੰਥ ਦਰਦੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਸ਼੍ਰੋਮਣੀ ਕਮੇਟੀ ਦੀਆਂ ਸਿਆਸੀ ਚਾਲਾਂ ਤੋਂ ਗ੍ਰੰਥੀ ਸਿੰਘਾਂ ਦੇ ਪਰਿਵਾਰਾਂ ਨੂੰ ਬਚਾਇਆ ਜਾਵੇ। ਗੱਲਬਾਤ ਕਰਦਿਆਂ ਉਪਰੋਕਤ ਆਗੂਆਂ ਨੇ ਕਿਹਾ ਕਿ ਗ੍ਰੰਥੀ ਸਿੰਘਾਂ ਦੇ ਪਰਿਵਾਰ ਦੀ ਗਰੀਬੀ ਦੁੱਖਾਂ ਵਿਚ ਰੁਲਦੀ ਜਿੰਦਗੀ ਨੂੰ ਬਚਾਇਆ ਜਾਵੇ। ਜਥੇਦਾਰ ਗੁਰਨਾਮ ਸਿੰਘ ਬੰਡਾਲਾ ਤੇ ਸਾਥੀਆਂ ਨੇ ਕਿਹਾ ਕਿ ਅਮ੍ਰਿਤਸਰ, ਤਰਨਤਾਰਨ, ਗੋਇੰਦਵਾਲ ਸਾਹਿਬ ਅਤੇ ਹੋਰ ਅਨੇਕਾਂ ਗ੍ਰੰਥੀ ਸਿੰਘਾਂ ਨੂੰ ਸ਼੍ਰੋਮਣੀ ਕਮੇਟੀ ਦੇ ਸਕੱਤਰਾਂ ਵਲੋਂ ਕੀਤੇ ਜਾ ਰਹੇ ਜੁਲਮਾਂ ਤੋਂ ਅਜਾਦ ਕਰਾਇਆ ਜਾਵੇ। ਉਨ੍ਹਾਂ ਕਿਹਾ ਕਿ ਇਕ ਮਜਦੂਰ 600 ਰੁਪਏ ਦਿਹਾੜੀ ਲੈਂਦਾ ਜਿਸ ਨਾਲ 18 ਹਜ਼ਾਰ ਰੁਪਏ ਮਹੀਨਾ ਬਣਦਾ, ਪਰ ਦਿਹਾੜੀਦਾਰ ਮਜਦੂਰ ਨਾਲੋਂ ਗ੍ਰੰਥੀ ਸਿੰਘਾਂ ਦੀ ਹਾਲਤ ਮਾੜੀ ਕੀਤੀ ਹੈ। ਜਥੇਦਾਰ ਬੰਡਾਲਾ ਨੇ ਦੋਸ਼ ਲਾਇਆ ਕਿ ਇਕ ਸਕੱਤਰ ਸਾਰੇ ਮੈਨੇਜਰਾਂ ਤੋਂ ਮਹੀਨੇ ਲੈਂਦੇ ਤਿੰਨ ਲੱਖ ਤਨਖਾਹ ਨੌਵਾ ਗਡੀ ਪੰਜ ਸੇਵਾਦਾਰ ਇਹ ਸਭ ਕੁਛ ਸਕੱਤਰ ਨੂੰ ਸ਼੍ਰੋਮਣੀ ਕਮੇਟੀ ਦਿੰਦੀ, ਇਥੇ ਬਸ ਨਹੀਂ ਸੁਖਬੀਰ ਬਾਦਲ ਨੇ ਗੁਰੂ ਦੀ ਗੋਲਕ ਵਿਚੋਂ ਪੈਸਾ ਕੱਢਣ ਲਈ ਇਕ ਕੋਹਲੀ ਨਾਮ ਦਾ ਸਕੱਤਰ ਰੱਖਿਆ ਹੈ, ਜੋ ਕਮੇਟੀ ਦੇ ਅਕਾਊਂਟ ਵਿਚ ਘਾਲਾ—ਮਾਲਾ ਕਰਨ ਲਈ ਰਖਿਆ ਹੈ। ਉਨ੍ਹਾਂ ਕਿਹਾ ਕਿ ਉਕਤ ਕੋਹਲੀ ਪੰਜ ਲੱਖ ਮਹੀਨਾ ਲੈਂਦਾ ਸਹੂਲਤਾਂ ਵਖਰੀਆਂ ਬਠਿੰਡੇ ਵਿਚ ਜਦੋਂ ਹਰਸਿਮਰਤ ਕੌਰ ਦੀ ਇਲੈਕਸ਼ਨ ਸੀ ਦੋ ਕਰੋੜ ਗੁਰੂ ਦੀ ਗੋਲਕ ਵਿਚੋਂ ਮਜੀਠੀਆ ਲੈ ਕੇ ਗਿਆ ਇੱਕ ਸਕੱਤਰ ਨੇ ਪੁਛਿਆ ਇਹ ਪੈਸੇ ਕਿਹੜੇ ਖਾਤੇ ਪਾਉਣੇ ਮਜੀਠੀਆ ਕਹਿੰਦਾ ਨੌਕਰੀ ਕਰਨੀ ਕਿ ਘਰ ਨੂੰ ਜਾਣਾ ਕੀ ਇਹ ਜੁਲਮ ਮਹੰਤਾਂ ਨਾਲੋਂ ਘੱਟ ਹਨ। ਉਨ੍ਹਾਂ ਕਿਹਾ ਕਿ ਗ੍ਰੰਥੀ ਸਿੰਘ ਸਕੱਤਰਾਂ ਤੋਂ ਡਰਦੇ ਅਪਣਾ ਦੁੱਖ ਮੀਡੀਏ ਨੂੰ ਨਹੀਂ ਦਸਦੇ ਕੀ ਸਿੱਖ ਅੱਗੇ ਵਾਸਤੇ ਆਪਣੇ ਬਚਿਆਂ ਨੂੰ ਗ੍ਰੰਥੀ ਬਣਾਉਣਗੇ ਜੇਕਰ ਅੱਜ ਗ੍ਰੰਥੀ ਸਿੰਘਾਂ ਨੂੰ ਰਿਸ਼ਤੇ ਕਿਉਂ ਨਹੀਂ ਹੋ ਰਹੇ ਇਸ ਪਾਪ ਦੀ ਜੁੰਮੇਵਾਰ ਸ਼੍ਰੋਮਣੀ ਕਮੇਟੀ ਹੈ ਪਿੰਡਾਂ ਵਿਚ ਫਿਰ ਵੀ ਕਈ ਗ੍ਰੰਥੀ ਸਿੰਘਾਂ ਦੀ ਕਦਰ ਹੈ ਸ਼੍ਰੋਮਣੀ ਕਮੇਟੀ ਨੇ ਗ੍ਰੰਥੀ ਰਾਗੀ ਗਿਆਨੀਆਂ ਨੂੰ ਰੋਲ ਦਿੱਤਾ ਹੈ ਅੱਜ ਪੰਥ ਨੂੰ ਕਮੇਟੀ ਸਿਆਸੀ ਆਰ.ਐਸ.ਐਸ ਦੀ ਰੰਗਤ ਦੇ ਰਹੀ ਹੈ ਕਮੇਟੀ ਦੇ ਸਿਆਸੀ ਬੁਰਕੇ ਕਾਰਨ ਪਿੰਡਾਂ ਵਿਚ ਲੋਕ ਦੇਹਧਾਰੀ ਤੇ ਨਸ਼ਿਆ ਨਾਲ ਮਰ ਰਹੇ ਹਨ। ਜਥੇਦਾਰ ਬੰਡਾਲਾ ਨੇ ਕਿਹਾ ਕਿ ਸਕੱਤਰ ਨਾਮ ਜਪਣ ਤੇ ਸ਼ਹੀਦੀ ਪਰਿਵਾਰਾਂ ਨੂੰ ਧੱਕੇ ਮਾਰਦੇ ਹਨ ਲੀਡਰ ਤੇ ਫਿਲਮੀ ਐਕਟਰਾਂ ਨੂੰ ਦਫਤਰਾਂ ਵਿੱਚ ਵੱਡੇ—ਵੱਡੇ ਤੋਹਫੇ ਦਿੱਤੇ ਜਾਂਦੇ ਹਨ। ਸਮੂਹ ਦੇਸ਼ ਦੀ ਸੰਗਤ ਨੂੰ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੰਦਿਆਂ ਭਾਈ ਗੁਰਨਾਮ ਸਿੰਘ ਬੰਡਾਲਾ ਨੇ ਸਮੂਹ ਲੋਕਾਈ ਦੀ ਤਰੱਕੀ ਖੁਸ਼ਹਾਲੀ ਦੀ ਕਾਮਨਾ ਕੀਤੀ।

# ਮੁਹੱਬਤ ਦੇ ਬੀਜ ਬੀਜੋ ,ਜਿੰਦਗੀ ਸੁਹਾਵਣੀ ਜਾਪੇਗੀ !

ਸੰਸਾਰ ਭਰ ਵੱਲ ਵੇਖੀਏ ਤਾਂ ਬਹੁਤ ਸਾਰੇ ਦੇਸ਼ਾਂ ਦੀ ਇਕ ਦੂਜੇ ਦੇਸ਼ ਨਾਲ ਜੰਗ ਛਿੜੀ ਦਿਸਦੀ ਹੈ। ਮਨੁੱਖ ਦੁਆਰਾ ਮਨੁੱਖ ਨੂੰ ਹਥਿਆਰਾਂ ਨਾਲ ਮਾਰਿਆ ਜਾ ਰਿਹਾ ।ਨਫ਼ਰਤ ਦੀ ਇਹ ਜੰਗ ਇਨਸਾਨ ਨੂੰ ਹੈਵਾਨੀਅਤ ਦੀਆਂ ਹੱਦਾਂ ਬੰਨ੍ਹੇ ਟਪਾ ਰਹੀ ਹੈ। ਪਰ ਇਸ ਸਭ ਕਾਸੇ ਦਾ ਸਿੱਟਾ ਕੀ ਹੈ, ਸਿਫਰ ! ਬੇਲੋੜਾ ਹਥਿਆਰਾਂ ਤੇ ਖ਼ਰਚਾ ਤੇ ਇਕ ਦੂਜੇ ਪ੍ਰਤੀ ਨਫ਼ਰਤ ਦੀ ਅੱਗ। ਕੀ ਇਹੋ ਇਨਸਾਨੀਅਤ ਹੈ ।ਇਸ ਬਾਰੇ ਅੱਜ ਹਰ ਇਨਸਾਨ ਤੇ ਹਰ ਦੇਸ਼ ਦੀ ਅਗਵਾਹੀ ਕਰਨ ਵਾਲੇ ਸਾਡੇ ਆਗੂਆਂ ਨੂੰ ਸੋਚਣ ਦੀ ਲੋੜ ਹੈ। ਨਫ਼ਰਤ ਨੂੰ ਲੈ ਕੇ ਇਹੋ ਹਾਲ ਅੱਗੇ ਦੁਨੀਆ ਚ ਵੱਸਦੇ 8 ਅਰਬ ਤੋ ਉੱਪਰ ਸ਼ਾਹ ਲੈ ਰਹੇ ਮਨੁਖਾਂ ਦਾ ਹੈ। ਪਰਮਾਤਮਾ ਨੇ ਇਨਸਾਨ ਨੂੰ ਧਰਤੀ ਉੱਤੇ ਮੋਹ ਮੁਹੱਬਤ ਤੇ ਪਿਆਰ ਵੰਡਣ ਲਈ ਭੇਜਿਆ ਹੈ। ਪਰ ਪੈਸੇ ਤੇ ਫੋਕੀ ਸ਼ੋਹਰਤ ਲਈ ਇਨਸਾਨ ਆਪਸ ਚ ਈਰਖਾ ਕਰਕੇ ਇਨਸਾਨੀਅਤ ਨੂੰ ਭੁੱਲ ਚੁੱਕਾ ਹੈ। ਜਿਸਦੇ ਸਿੱਟੇ ਵਜੋਂ ਸੰਸਾਰ ਚ ਲੁੱਟ ਖੋਹ ਤੇ ਮਾਰ ਧਾੜ ਸਿਖਰਾਂ ਤੇ ਹੈ ।ਲਾਲਚ ਚ ਇਨਸਾਨ ਆਪਸੀ ਸਕੇ ਰਿਸ਼ਤੇ ਨਾਤੇ ਵੀ ਗੁਆਂਦਾ ਜਾ ਰਿਹਾ ਹੈ ।ਜਦ ਕਿ ਇਹ ਇਕ ਕੌੜਾ ਸੱਚ ਹੈ ਕਿ ਇਨਸਾਨ ਦੇ ਨਾਲ ਕੁਛ ਨਹੀਂ ਜਾਣਾ ਤੇ ਉਸ ਨੇ ਖਾਲੀ ਹੱਥ ਜਾਣਾ ਹੈ ।ਫਿਰ ਵੀ ਇਨਸਾਨ ਪੈਸੇ ਦੀ ਦੌੜ ਚ ਪਾਗਲ ਹੋਇਆ ਫਿਰਦਾ ਹੈ ਤੇ ਖ਼ੁਦ ਨੂੰ ਟੈਨਸ਼ਨਾਂ ਚ ਪਾ ਹਰ ਪਲ ਉਲਝਿਆ ਰਹਿੰਦਾ ਹੈ। ਇਹ ਇਨਸਾਨੀਅਤ ਨਹੀਂ ਤੇ ਨਾ ਹੀ ਇਨਸਾਨੀਅਤ ਦਾ ਧਰਮ ਹੈ। ਸੋ ਇਨਸਾਨ ਨੂੰ ਪੈਸੇ ਦਾ ਲੋਭ ਲਾਲਚ ਛੱਡ ਕਿ ਇਨਸਾਨੀਅਤ ਦੀ ਸਾਦੀ ਜਿੰਦਗੀ ਜਿਊਣੀ ਚਾਹੀਦੀ ਹੈ ਤੇ ਹਰ ਮਨੁੱਖ ਦਾ ਭਲਾ ਕਰਨ ਦੀ ਕੋਸ਼ਿਸ਼ ਕਰਨ ਦੇ ਯਤਨਾ ਚ ਜੁਟਣਾ ਚਾਹੀਦਾ ਹੈ ।ਮਨੁੱਖ ਨੂੰ ਨਫ਼ਰਤ ਦੇ ਬੀਜ ਬੀਜਣ ਦੀ ਥਾਂ ਮੋਹ ਮੁਹੱਬਤ ਤੇ ਪਿਆਰ ਦੇ ਬੀਜ ਬੀਜਣੇ ਚਾਹੀਦੇ ਹਨ। ਫੇਰ ਵੇਖਿਓ ! ਜਿੰਦਗੀ ਕਿੰਨੀ ਸੁਹਾਵਣੀ ਤੇ ਮਜ਼ੇਦਾਰ ਜਾਪੇਗੀ।

**-ਅਜੀਤ ਸਿੰਘ ਖੰਨਾ**

# ਬੀਬੀ ਪ੍ਰੇਮ ਕੌਰ ਦਾ ਅਕਾਲ ਚਲਾਣਾ — ਦਮਦਮੀ ਟਕਸਾਲ ਨਾਲ ਸੰਬੰਧਿਤ ਸੱਚਖੰਡ ਵਾਸੀ ਗਿਆਨੀ ਪ੍ਰੀਤਮ ਸਿੰਘ ਜੀ ਦੇ ਪਰਿਵਾਰ 'ਚ ਸੋਗ ਦੀ ਲਹਿਰ

ੴ

ਸਤਿਗੁਰ ਪ੍ਰਸਾਦਿ ॥
ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

*By the Grace of the True Guru*
*The Gurmukh (one who follows the Guru) adorns/beautifies their life and departs to the Divine Court*
*Going to the True Court, they meet the True Beloved/Lord*

ANTAM SANSKAAR

*In Loving Memory of*

**Prem Kaur**

Saturday 25 October, 2025

11:00AM - 1:00PM Antam Sanskaar

**Brampton Crematorium**
30 Bramwin Ct
Brampton
L6T 5G2

2:00PM - 4:00PM Bhog, Ardaas

**Dasmesh Darbar**
4555 Ebenezer Rd
Brampton
L6P 2K8

SEHAJ PAATH

18 October 2025 to 24 October 2025

KATHA & KIRTAN

From 5:00PM

Saturday 18 October, 2025
Sunday 19 October, 2025
Friday 24 October, 2025

**At Residence**
21 Jean Street
Caledon East
L7C 1P7

*Open invite for Kirtan and Sehaj Paath Seva*

ਆਵਾਜ਼ਿ ਕੌਮ AWAZE QAUM International Newspaper & WEB TV



**ਬਰੈਮਟਨ (ਕੈਨੇਡਾ) / ਅੰਮ੍ਰਿਤਸਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਸਵਰਗਵਾਸੀ ਗਿਆਨੀ ਪ੍ਰੀਤਮ ਸਿੰਘ ਜੀ ਦੇ ਪਰਿਵਾਰ ਨੂੰ ਦੁਬਾਰਾ ਇੱਕ ਵੱਡਾ ਸਦਮਾ ਲੱਗਾ ਹੈ। ਉਨ੍ਹਾਂ ਦੇ ਵੱਡੇ ਪੁੱਤਰ ਭਾਈ ਜਸਵਿੰਦਰ ਸਿੰਘ ਦੀ ਧਰਮ ਪਤਨੀ ਬੀਬੀ ਪ੍ਰੇਮ ਕੌਰ ਜੀ ਦਾ ਅਚਾਨਕ ਦੇਹਾਂਤ ਹੋ ਗਿਆ। ਮਿਲੀ ਜਾਣਕਾਰੀ ਮੁਤਾਬਕ, ਬੀਬੀ ਪ੍ਰੇਮ ਕੌਰ ਜੀ ਨੂੰ ਕੁਝ ਦਿਨਾਂ ਤੋਂ ਮਾਈਗਰੇਨ ਦੀ ਸ਼ਿਕਾਇਤ ਸੀ। ਜਦੋਂ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਉੱਥੇ ਦਿੱਤੀ ਗਈ ਦਵਾਈ ਸਰੀਰ ਨਾਲ ਸਹੀ ਨਹੀਂ ਬੈਠੀ ਜਿਸ ਕਾਰਨ ਅਚਾਨਕ ਉਨ੍ਹਾਂ ਦੀ ਤਬੀਅਤ ਬਹੁਤ ਖਰਾਬ ਹੋ ਗਈ ਅਤੇ ਕੁਝ ਹੀ ਸਮੇਂ ਬਾਅਦ ਉਨ੍ਹਾਂ ਦਾ ਅਕਾਲ ਚਲਾਣਾ ਹੋ ਗਿਆ। ਗਿਆਨੀ ਪ੍ਰੀਤਮ ਸਿੰਘ ਜੀ, ਜੋ ਕੁਝ ਸਾਲ ਪਹਿਲਾਂ ਸੱਚਖੰਡ ਪਿਆਨਾ ਕਰ ਗਏ ਸਨ, ਦਮਦਮੀ ਟਕਸਾਲ ਨਾਲ ਗਹਿਰੇ ਤੌਰ 'ਤੇ ਸੰਬੰਧਤ ਰਹੇ। ਉਨ੍ਹਾਂ ਨੂੰ ਟਕਸਾਲੀ ਜਥੇਬੰਦੀ ਵਿੱਚ ਇੱਕ ਆਦਰਯੋਗ ਲਿਖਾਰੀ ਅਤੇ ਪ੍ਰਚਾਰਕ ਵਜੋਂ ਜਾਣਿਆ ਜਾਂਦਾ ਸੀ। ਇੰਟਰਨੈਸ਼ਨਲ ਪੰਥਕ ਦਲ ਯੂਕੇ ਵੱਲੋਂ ਭਾਈ ਰਘਵੀਰ ਸਿੰਘ ਅਤੇ ਸਮੂਹ ਮੈਂਬਰਾਂ ਨੇ, ਨਾਲ ਹੀ ਜਥੇਬੰਦੀ ਦੇ ਬਾਨੀ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਅਰਦਾਸ ਕੀਤੀ ਹੈ ਕਿ: "ਪਰਮਾਤਮਾ ਬੀਬੀ ਪ੍ਰੇਮ ਕੌਰ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣੇ ਨੂੰ ਮਿੱਠਾ ਮੰਨਣ ਦਾ ਬਲ ਪ੍ਰਦਾਨ ਕਰੇ।" ਬੀਬੀ ਪ੍ਰੇਮ ਕੌਰ ਜੀ ਦਾ ਅੰਤਿਮ ਸੰਸਕਾਰ 25 ਅਕਤੂਬਰ ਨੂੰ ਬਰੈਮਟਨ (ਕੈਨੇਡਾ) ਵਿੱਚ ਕੀਤਾ ਜਾਵੇਗਾ। ਇਸ ਸਬੰਧੀ ਪੂਰੀ ਜਾਣਕਾਰੀ ਅਤੇ ਸਮੇਂ ਦਾ ਵੇਰਵਾ ਨਾਲ ਜਾਰੀ ਇਸ਼ਿਤਹਾਰ ਵਿੱਚ ਦਿੱਤਾ ਗਿਆ ਹੈ। ਪਰਿਵਾਰ ਅਤੇ ਸੰਗਤ ਵੱਲੋਂ ਸਾਰੇ ਰਿਸ਼ਤੇਦਾਰਾਂ, ਸਾਖਾਂ ਅਤੇ ਜਾਣ-ਪਹਿਚਾਣ ਵਾਲਿਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਉਹ ਅੰਤਿਮ ਸੰਸਕਾਰ ਸਮਾਗਮ ਵਿੱਚ ਸ਼ਾਮਲ ਹੋਣ ਦੀ ਕਿਰਪਾ ਕਰਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਬੰਦੀ ਛੋੜ ਦਿਵਸ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਬੰਦੀ ਛੋੜ ਦੀਵਾਲੀ ਦਿਵਸ ਮੰਗਲਵਾਰ 21 ਅਕਤੂਬਰ ਸ਼ਾਮ 5:00 ਤੋ 8:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਕੀਰਤਨ ਦੀ ਹਾਜ਼ਰੀ ਭਰਨਗੇ

ਕਵੀਸ਼ਰੀ ਜਥਾ ਗਿਆਨੀ ਅੰਗਰੇਜ਼ ਸਿੰਘ ਜਾਂਗਲਾ ਗੁਰਦਾਸਪੁਰ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778